ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਬੁੱਧਵਾਰ, 11 ਨਵੰਬਰ 2026 (ਨਾਨਕਸ਼ਾਹੀ ਸੰਮਤ : ੫੫੮, ੨੬ ਕੱਤਕ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243



ਅੰਮ੍ਰਿਤਪਾਲ ਸਿੰਘ ਦੀ ਪੈਰੋਲ ਅਰਜ਼ੀ ’ਤੇ 12 ਨਵੰਬਰ ਨੂੰ ਹੋਵੇਗੀ ਸੁਣਵਾਈ

ਖਡੂਰ ਸਾਹਿਬ, 10 ਨਵੰਬਰ (ਆਵਾਜ਼ਿ ਕੌਮ ਬਿਊਰੋ)-ਖਡੂਰ ਸਾਹਿਬ ਤੋਂ ਸੰਸਦ ਮੈਂਬਰ ਭਾਈ ਅੰਮ੍ਰਿਤਪਾਲ ਸਿੰਘ ਦੀ ਦਾਦੀ ਮਾਤਾ ਚਰਨ ਕੌਰ ਦਾ ਐਤਵਾਰ 8 ਨਵੰਬਰ 2026 ਨੂੰ ਦੇਹਾਂਤ ਹੋ ਗਿਆ ਸੀ। ਅੰਮ੍ਰਿਤਪਾਲ ਸਿੰਘ ਦੀ ਦਾਦੀ ਦੇ ਦੇਹਾਂਤ ਦੀ ਪੁਸ਼ਟੀ ਉਨ੍ਹਾਂ ਦੇ ਪੁੱਤਰ ਅਤੇ ਅੰਮ੍ਰਿਤਪਾਲ ਸਿੰਘ ਦੇ ਪਿਤਾ ਤਰਸੇਮ ਸਿੰਘ ਵਲੋਂ ਕੀਤੀ ਗਈ ਹੈ। ਉਨ੍ਹਾਂ ਦਾ ਮ੍ਰਿਤਕ ਸਰੀਰ ਅੰਮ੍ਰਿਤਸਰ ਦੇ ਪਿੰਡ ਜੱਲੂਪੁਰ ਖੇੜਾ ਵਿਖੇ ਰੱਖਿਆ ਗਿਆ ਹੈ। ਇਸ ਦੁਖਦਾਈ ਘਟਨਾ ਤੋਂ ਬਾਅਦ ਅੰਮ੍ਰਿਤਪਾਲ ਸਿੰਘ, ਉਨ੍ਹਾਂ ਦੇ ਚਾਚਾ ਹਰਜੀਤ ਸਿੰਘ ਜੱਲੂਪੁਰ ਖੇੜਾ ਅਤੇ ਉਨ੍ਹਾਂ ਦੇ ਦੋਹਤੇ ਸੁਖਮਨਦੀਪ ਸਿੰਘ ਨੂੰ ਅੰਤਿਮ ਸੰਸਕਾਰ ਅਤੇ ਹੋਰ ਧਾਰਮਿਕ ਰਸਮਾਂ ਵਿੱਚ ਸ਼ਾਮਲ ਹੋਣ ਦੀ ਇਜਾਜ਼ਤ ਦਿਵਾਉਣ ਲਈ ਵਕੀਲਾਂ ਦੇ ਪੈਨਲ ਨੇ ਅੰਮ੍ਰਿਤਸਰ ਦੀ ਅਦਾਲਤ ਵਿੱਚ ਪੈਰੋਲ ਦੀ ਪਟੀਸ਼ਨ ਦਾਇਰ ਕੀਤੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਅਕਾਲੀ ਦਲ ਵਾਰਿਸ ਪੰਜਾਬ ਦੇ ਲੀਗਲ ਸੈੱਲ ਦੇ ਅਹੁਦੇਦਾਰਾਂ ਨੇ ਦੱਸਿਆ ਕਿ ਪੈਰੋਲ ਦੀ ਅਰਜ਼ੀ ਅੱਜ ਬ੍ਰਾਂਚ ਵਿੱਚ ਫਾਈਲ ਕਰ ਦਿੱਤੀ ਗਈ ਸੀ, ਪਰ ਸਟਾਫ਼ ਤੋਂ ਪਤਾ ਲੱਗਾ ਕਿ ਸਬੰਧਤ ਜੱਜ ਉਪਿੰਦਰਜੀਤ ਸਿੰਘ ਅੱਜ ਛੁੱਟੀ ’ਤੇ ਹਨ। ਉਨ੍ਹਾਂ ਦੱਸਿਆ ਕਿ ਹਾਈ ਕੋਰਟ ਦੀਆਂ ਹਦਾਇਤਾਂ ਅਨੁਸਾਰ ਜਿਸ ਜੱਜ ਵੱਲੋਂ ਟ੍ਰਾਇਲ ਦੀ ਸੁਣਵਾਈ ਕੀਤੀ ਜਾ ਰਹੀ ਹੈ, ਉਸ ਤੋਂ ਇਲਾਵਾ ਕੋਈ ਹੋਰ ਜੱਜ ਇਸ ਅਰਜ਼ੀ ਨੂੰ ਸੁਣਵਾਈ ਲਈ ਨਹੀਂ ਲੈ ਸਕਦਾ।



ਦਿੱਲੀ ਪੁਲਸ ਨੂੰ ਪਈਆਂ ਭਾਜੜਾਂ

ਬੈਂਕ ਆਫ਼ ਬੜੌਦਾ ਦੀ ਸ਼ਾਖਾ ’ਚ ਬੰਬ !



ਨਵੀਂ ਦਿੱਲੀ, 10 ਨਵੰਬਰ (ਆਵਾਜ਼ਿ ਕੌਮ ਬਿਊਰੋ)-ਦਿੱਲੀ ਦੇ ਪਾਰਲੀਮੈਂਟ ਸਟਰੀਟ ’ਤੇ ਸਥਿਤ ਇੱਕ ਸਰਕਾਰੀ ਬੈਂਕ ਸ਼ਾਖਾ ਵਿੱਚ ਮੰਗਲਵਾਰ ਨੂੰ ਬੰਬ ਰੱਖ ਕੇ ਉੱਡਾ ਦੇਣ ਦੀ ਧਮਕੀ ਮਿਲੀ। ਧਮਕੀ ਦੀ ਸੂਚਨਾ ਮਿਲਣ ਤੋਂ ਬਾਅਦ ਪੁਲਸ ਅਤੇ ਬੰਬ ਨਿਰੋਧਕ ਦਸਤਾ ਮੌਕੇ ’ਤੇ ਪਹੁੰਚ ਗਿਆ, ਜਿਸ ਵੱਲੋਂ ਉਕਤ ਸ਼ਾਪਾ ਦੀ ਚੰਗੀ ਤਰੀਕੇ ਨਾਲ ਤਲਾਸ਼ੀ ਲਈ ਗਈ। ਇਸ ਤਲਾਸ਼ੀ ਦੌਰਾਨ ਟੀਮ ਨੂੰ ਕੁਝ ਵੀ ਸ਼ੱਕੀ ਨਹੀਂ ਮਿਲਿਆ। ਦਿੱਲੀ ਫਾਇਰ ਸਰਵਿਸ (ਡੀਐੱਫਐੱਸ) ਦੇ ਇੱਕ ਅਧਿਕਾਰੀ ਨੇ ਇਸ ਦੀ ਜਾਣਕਾਰੀ ਦਿੱਤੀ। ਅਧਿਕਾਰੀ ਨੇ ਦੱਸਿਆ ਕਿ ਸਵੇਰੇ 11:36 ਵਜੇ ਪਾਰਲੀਮੈਂਟ ਸਟਰੀਟ ’ਤੇ ਬੈਂਕ ਆਫ਼ ਬੜੌਦਾ ਵਿੱਚ ਬੰਬ ਰੱਖੇ ਜਾਣ ਦੀ ਸੂਚਨਾ ਮਿਲੀ, ਜਿਸ ਤੋਂ ਬਾਅਦ ਇੱਕ ਟੀਮ ਨੂੰ ਮੌਕੇ ’ਤੇ ਭੇਜਿਆ ਗਿਆ। ਉਨ੍ਹਾਂ ਕਿਹਾ ਕਿ ਇਸ ਤੋਂ ਬਾਅਦ ਪੁਲਸ ਅਤੇ ਬੰਬ ਸਕੁਐਡ ਟੀਮਾਂ ਵੀ ਮੌਕੇ ’ਤੇ ਪਹੁੰਚ ਗਈਆਂ ਅਤੇ ਲਗਭਗ ਡੇਢ ਘੰਟੇ ਤੱਕ ਇਮਾਰਤ ਦੀ ਚੰਗੀ ਤਰ੍ਹਾਂ ਤਲਾਸ਼ੀ ਲਈ। ਅਧਿਕਾਰੀ ਦੇ ਅਨੁਸਾਰ, ਇਮਾਰਤ ਤੋਂ ਕੁਝ ਵੀ ਸ਼ੱਕੀ ਨਹੀਂ ਮਿਲਿਆ ਅਤੇ ਜਾਣਕਾਰੀ ਨੂੰ ਜਾਅਲੀ ਘੋਸ਼ਿਤ ਕਰ ਦਿੱਤਾ।

ਸਾਬਕਾ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਚੋਣ ਲੜਨ ਤੋਂ ਕੀਤਾ ਇਨਕਾਰ

ਚੰਡੀਗੜ੍ਹ, 10 ਨਵੰਬਰ (ਆਵਾਜ਼ਿ ਕੌਮ ਬਿਊਰੋ)-ਸਾਬਕਾ ਮੰਤਰੀ ਤੇ ‘ਆਪ’ ਆਗੂ ਲਾਲਜੀਤ ਸਿੰਘ ਭੁੱਲਰ ਨੇ ਟਵੀਟ ਕਰ ਚੋਣਾਂ ਨਾ ਲੜਨ ਦਾ ਐਲਾਨ ਕੀਤਾ ਹੈ। ਉਨ੍ਹਾਂ ਪਾਈ ਇਕ ਪੋਸਟ ਵਿਚ ਲਿਖਿਆ ਕਿ ਦਾਸ ਨੇ ਪੱਟੀ ਹਲਕੇ ਦੇ ਭੈਣ-ਭਰਾਵਾਂ ਵਲੋਂ ਦਾਸ ਨੂੰ ਪਾਰਟੀ ਵਲੋਂ ਦੁਬਾਰਾ ਚੋਣਾਂ ਲੜਾਉਣ ਬਾਰੇ ਸੁਣਿਆ, ਪਰ ਦਾਸ ਨੇ ਚੋਣ ਨਹੀਂ ਲੜਨੀ। ਦਾਸ ਪੱਟੀ ਹਲਕੇ ਦੇ ਸਾਰੇ ਭੈਣ-ਭਰਾਵਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕਰਦਾ ਹੈ ਅਤੇ ਦਾਸ ਦਾ ਤੁਹਾਡੀਆਂ ਭਾਵਨਾਵਾਂ ਅੱਗੇ, ਤੁਹਾਡੇ ਪੈਰਾਂ ਵਿਚ ਸਿਰ ਝੁਕਦਾ ਹੈ। ਦਾਸ ਪੱਟੀ ਹਲਕੇ ਦੇ ਸਾਰੇ ਭੈਣ-ਭਰਾਵਾਂ ਦਾ ਸਾਰੀ ਜ਼ਿੰਦਗੀ ਰਿਣੀ ਰਹੇਗਾ, ਜਿਨ੍ਹਾਂ ਭੈਣ-ਭਰਾਵਾਂ ਨੇ ਦਾਸ ਦਾ ਹਰ ਸਮੇਂ ਸਾਥ ਦਿੱਤਾ, ਸਭ ਦਾ ਬਹੁਤ-ਬਹੁਤ ਧੰਨਵਾਦ। ਲਾਲਜੀਤ ਸਿੰਘ ਭੁੱਲਰ ਦੇ ਵੱਲੋਂ ਆਪਣੇ ਪਰਿਵਾਰ ਨਾਲ ਸਰਕਾਰੀ STD ਰਾਹੀਂ ਸੰਪਰਕ ਕਰਕੇ ਇਹ ਜਾਣਕਾਰੀ Facebook page ਚਲਾਉਣ ਵਾਲੇ ਰਾਹੀਂ ਪੋਸਟ ਪਵਾ ਕੇ ਸਾਂਝੀ ਕੀਤੀ ਗਈ ਹੈ। ਮੇਰੀ ਸਭ media channels ਨੂੰ ਹੱਥ ਜੋੜ ਕਿ ਬੇਨਤੀ ਹੈ ਕਿ ਇਸ ਉੱਪਰ ਕੁਝ ਨਾ ਬੋਲਿਆ, ਲਿਖਿਆ ਜਾਵੇ, ਇਹ ਮੇਰਾ ਨਿੱਜੀ ਫ਼ੈਸਲਾ ਹੈ ਤੇ ਇਸ ਉੱਤੇ ਕੋਈ ਬਹਿਸ ਨਾ ਹੋਵੇ। ਸਭ ਦਾ ਧੰਨਵਾਦ। ਆਪ ਵੱਲੋਂ ਹਾਲ ਹੀ ਵਿੱਚ ਜਸਕੰਵਰ ਸਿੰਘ, ਜਿਨ੍ਹਾਂ ਨੂੰ ਜੱਸਾ ਪੱਟੀ ਵਜੋਂ ਵੀ ਜਾਣਿਆ ਜਾਂਦਾ ਹੈ, ਨੂੰ ਪੱਟੀ ਹਲਕੇ ਦਾ ਇੰਚਾਰਜ ਨਿਯੁਕਤ ਕੀਤਾ ਗਿਆ ਸੀ। ਸਾਬਕਾ ਪਹਿਲਵਾਨ ਜੱਸਾ ਪੱਟੀ ਲਈ ਸਿਆਸੀ ਰਾਹ ਆਸਾਨ ਨਹੀਂ ਰਿਹਾ ਹੈ। ਪੱਟੀ ਵਿੱਚ ਇਹ ਨਿਯੁਕਤੀ ਭੁੱਲਰ ਦੀ ਗ੍ਰਿਫ਼ਤਾਰੀ ਤੋਂ ਬਾਅਦ ਕੀਤੀ ਗਈ ਸੀ, ਜੋ ਫਿਲਹਾਲ ਅੰਮ੍ਰਿਤਸਰ ਵਿੱਚ ਪੰਜਾਬ ਸਟੇਟ ਵੇਅਰਹਾਊਸਿੰਗ ਕਾਰਪੋਰੇਸ਼ਨ ਦੇ ਜ਼ਿਲ੍ਹਾ ਮੈਨੇਜਰ ਗਗਨਦੀਪ ਸਿੰਘ ਰੰਧਾਵਾ ਦੀ ਮੌਤ ਦੇ ਮਾਮਲੇ ਵਿੱਚ ਜੇਲ੍ਹ ਵਿੱਚ ਬੰਦ ਹਨ।



ਪੰਜਾਬ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਵੱਡੀ ਖ਼ਬਰ, 12 ਨਵੰਬਰ ਤੋਂ ਪ੍ਰਕਿਰਿਆ ਸ਼ੁਰੂ

ਚੰਡੀਗੜ੍ਹ, 10 ਨਵੰਬਰ (ਆਵਾਜ਼ਿ ਕੌਮ ਬਿਊਰੋ)-ਪੰਜਾਬ ਅੰਦਰ ਹੋਣ ਵਾਲੀਆਂ ਵਿਧਾਨ ਸਭਾ ਦੀਆਂ ਚੋਣਾਂ ਦੇ ਮੱਦੇਨਜ਼ਰ, ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿਚ ਇਲੈਕਟ੍ਰਾਨਿਕ ਵੋਟਿੰਗ ਮਸ਼ੀਨਾਂ (ਈਵੀਐਮਜ਼) ਅਤੇ ਵੋਟਰ ਵੈਰੀਫਿਏਬਲ ਪੇਪਰ ਆਡਿਟ ਟ੍ਰੇਲ (ਵੀਵੀਪੀਏਟੀ) ਮਸ਼ੀਨਾਂ ਦੀ ਫਸਟ ਲੈਵਲ ਚੈਕਿੰਗ (ਐੱਫਐੱਲਸੀ) 12 ਨਵੰਬਰ, 2026 ਤੋਂ ਸ਼ੁਰੂ ਹੋਵੇਗੀ। ਪੰਜਾਬ ਦੇ ਮੁੱਖ ਚੋਣ ਅਫ਼ਸਰ, ਅਨਿੰਦਿਤਾ ਮਿਤਰਾ, ਆਈ.ਏ.ਐਸ. ਨੇ ਦੱਸਿਆ ਕਿ ਈਵੀਐਮਜ਼ ਅਤੇ ਵੀਵੀਪੀਏਟੀ ਦੀ ਇਹ ਫਸਟ ਲੈਵਲ ਚੈਕਿੰਗ ਭਾਰਤੀ ਚੋਣ ਕਮਿਸ਼ਨ (ਈਸੀਆਈ) ਦੁਆਰਾ ਨਿਰਧਾਰਤ ਇਕ ਲਾਜ਼ਮੀ ਪ੍ਰਕਿਰਿਆ ਹੈ। ਇਸ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਚੋਣਾਂ ਦੌਰਾਨ ਸਿਰਫ਼ ਪੂਰੀ ਤਰ੍ਹਾਂ ਕਾਰਜਸ਼ੀਲ ਅਤੇ ਚੋਣਾਂ ਲਈ ਤਿਆਰ ਮਸ਼ੀਨਾਂ ਦੀ ਹੀ ਵਰਤੋਂ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਭਾਰਤੀ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਆਮ ਚੋਣਾਂ ਅਤੇ ਜ਼ਿਮਨੀ ਚੋਣਾਂ ਵਿਚ ਵਰਤੀਆਂ ਜਾਣ ਵਾਲੀਆਂ ਈਵੀਐਮਜ਼ ਅਤੇ ਵੀਵੀਪੀਏਟੀ ਦੀ ਫਸਟ ਲੈਵਲ ਚੈਕਿੰਗ ਜ਼ਿਲ੍ਹਾ ਚੋਣ ਅਧਿਕਾਰੀ ਦੀ ਨਿਗਰਾਨੀ ਹੇਠ ਭਾਰਤ ਇਲੈਕਟ੍ਰਾਨਿਕਸ ਲਿਮਟਿਡ (ਬੀਈਐਲ) ਦੇ ਅਧਿਕਾਰਤ ਇੰਜੀਨੀਅਰਾਂ ਦੁਆਰਾ ਕੀਤੀ ਜਾਂਦੀ ਹੈ। ਸੀਈਓ ਨੇ ਕਿਹਾ ਕਿ ਫਸਟ ਲੈਵਲ ਚੈਕਿੰਗ ਵਿਚ ਦਰੁਸਤ ਪਾਈਆਂ ਜਾਣ ਵਾਲੀਆਂ ਈਵੀਐਮ ਅਤੇ ਵੀਵੀਪੀਏਟੀ ਮਸ਼ੀਨਾਂ ਨੂੰ ਵਿਧਾਨ ਸਭਾ ਚੋਣਾਂ ਵਿਚ ਵਰਤਿਆ ਜਾਵੇਗਾ। ਫਸਟ ਲੈਵਲ ਚੈਕਿੰਗ ਲਈ ਵਿਸਥਾਰਕ ਪ੍ਰਕਿਰਿਆ ਭਾਰਤੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਕੀਤੀ ਜਾਵੇਗੀ। ਇਹ ਪ੍ਰਕਿਰਿਆ ਭਾਰਤੀ ਚੋਣ ਕਮਿਸ਼ਨ ਦੀਆਂ ਮੌਜੂਦਾ ਹਦਾਇਤਾਂ ਅਨੁਸਾਰ ਨੇਪਰੇ ਚਾੜ੍ਹੀ ਜਾਵੇਗੀ। ਫਸਟ ਲੈਵਲ ਚੈਕਿੰਗ ਪ੍ਰਕਿਰਿਆ ਨੂੰ ਸੁਚਾਰੂ, ਪਾਰਦਰਸ਼ੀ ਅਤੇ ਵਿਵਸਥਿਤ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਾਰੇ ਲੋੜੀਂਦੇ ਪ੍ਰਬੰਧ ਕਰ ਲਏ ਗਏ ਹਨ। ਅਨਿੰਦਿਤਾ ਮਿਤਰਾ ਨੇ ਦੱਸਿਆ ਕਿ ਐੱਫਐੱਲਸੀ ਪ੍ਰਕਿਰਿਆ ਸਬੰਧਤ ਜ਼ਿਲ੍ਹਾ ਚੋਣ ਅਫ਼ਸਰਾਂ ਦੀ ਦੇਖ-ਰੇਖ ਅਧੀਨ ਕਰਵਾਈ ਜਾਵੇਗੀ ਅਤੇ ਇਸ ਦੀ ਨਿਗਰਾਨੀ ਮੁੱਖ ਚੋਣ ਅਫ਼ਸਰ, ਪੰਜਾਬ ਦੇ ਨਾਲ-ਨਾਲ ਭਾਰਤ ਚੋਣ ਕਮਿਸ਼ਨ ਦੇ ਪੱਧਰ ‘ਤੇ ਕੀਤੀ ਜਾਵੇਗੀ। ਮੁੱਖ ਚੋਣ ਅਫ਼ਸਰ ਨੇ ਅੱਗੇ ਦੱਸਿਆ ਕਿ ਸਮੁੱਚੀ ਪ੍ਰਕਿਰਿਆ ਦੌਰਾਨ ਮੁਕੰਮਲ ਪਾਰਦਰਸ਼ਤਾ ਅਤੇ ਜਵਾਬਦੇਹੀ ਯਕੀਨੀ ਬਣਾਉਣ ਲਈ ਸਾਰੇ 23 ਸਥਾਨਾਂ ’ਤੇ ਪੂਰੀ ਐੱਫਐੱਲਸੀ ਪ੍ਰਕਿਰਿਆ ਦੀ ਲਾਈਵ ਵੈੱਬਕਾਸਟਿੰਗ ਕੀਤੀ ਜਾਵੇਗੀ। ਹਰੇਕ ਜ਼ਿਲ੍ਹਾ ਹੈੱਡਕੁਆਰਟਰ ‘ਤੇ ਦੋ ਡਿਸਪਲੇਅ ਸਕ੍ਰੀਨਾਂ (ਇਕ ਐੱਫਐੱਲਸੀ ਸਾਈਟ ‘ਤੇ ਅਤੇ ਦੂਜੀ ਸਬੰਧਤ ਡੀ.ਸੀ. ਦਫ਼ਤਰਾਂ ‘ਚ) ਲਗਾਈਆਂ ਗਈਆਂ ਹਨ ਤਾਂ ਜੋ ਨੁਮਾਇੰਦੇ ਕਾਰਵਾਈ ਨੂੰ ਨੇੜਿਓਂ ਦੇਖ ਸਕਣ। ਮੁੱਖ ਚੋਣ ਅਫ਼ਸਰ (ਸੀਈਓ) ਹੈੱਡਕੁਆਰਟਰ ’ਤੇ ਸਮੁੱਚੀ ਪ੍ਰਕਿਰਿਆ ਨੂੰ ਲਾਈਵ ਦੇਖਣ ਲਈ ਵਿਸ਼ੇਸ਼ ਸਕ੍ਰੀਨਾਂ ਲਗਾਈਆਂ ਗਈਆਂ ਹਨ। ਇਸ ਤੋਂ ਇਲਾਵਾ ਭਾਰਤ ਚੋਣ ਕਮਿਸ਼ਨ ਨੇ ਇਨ੍ਹਾਂ ਕਾਰਜਾਂ ਦੀ ਦੇਖ-ਰੇਖ ਲਈ ਆਬਜ਼ਰਵਰ ਲਗਾਏ ਗਏ ਹਨ। ਮੁੱਖ ਚੋਣ ਅਫ਼ਸਰ ਅਨਿੰਦਿਤਾ ਮਿਤਰਾ ਨੇ ਸਾਰੀਆਂ ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੇ ਨੁਮਾਇੰਦਿਆਂ ਨੂੰ ਇਲੈਕਟ੍ਰਾਨਿਕ ਵੋਟਿੰਗ ਮਸ਼ੀਨਾਂ (ਈਵੀਐਮਜ਼) ਅਤੇ ਵੋਟਰ ਵੈਰੀਫਾਈਏਬਲ ਪੇਪਰ ਆਡਿਟ ਟ੍ਰੇਲ (ਵੀਵੀਪੀਏਟੀ) ਮਸ਼ੀਨਾਂ ਦੀ ਫਰਸਟ ਲੈਵਲ ਚੈਕਿੰਗ (ਐਫਐਲਸੀ)) ਦੌਰਾਨ ਮੌਜੂਦ ਰਹਿਣ ਲਈ ਅਧਿਕਾਰਤ ਕਰਨ।



ਪੰਨੂ ਕਤਲ ਸਾਜ਼ਿਸ਼ ਮਾਮਲੇ ’ਚ ਭਾਰਤ ਸਰਕਾਰ ਦੀਆਂ ਕਾਨੂੰਨੀ ਮੁਸ਼ਕਲਾਂ ਵਧੀਆਂ, ਅਮਰੀਕਾ ਨੇ ਪਹੁੰਚਾਏ ਅਦਾਲਤੀ ਸੰਮਨ

ਅਜੀਤ ਡੋਵਾਲ ਤੇ ਸਾਬਕਾ ਰਾਅ ਮੁਖੀ ਸਾਮੰਤ ਗੋਇਲ ਨੂੰ ਵੀ ਸੰਮਨ ਭੇਜਣ ਦੀ ਪ੍ਰਕਿਰਿਆ ਨੂੰ ਮਨਜ਼ੂਰੀ, 20 ਨਵੰਬਰ ਨੂੰ ਨਿਖਿਲ ਗੁਪਤਾ ਦੀ ਸਜ਼ਾ-ਸੁਣਵਾਈ

ਲੰਡਨ/ਨਿਊਯਾਰਕ (ਸਰਬਜੀਤ ਸਿੰਘ ਬਨੂੜ) - ਅਮਰੀਕਾ ਵਿੱਚ ਖ਼ਾਲਿਸਤਾਨੀ ਆਗੂ ਅਤੇ ਸਿੱਖਸ ਫਾਰ ਜਸਟਿਸ ਦੇ ਜਨਰਲ ਕੌਂਸਲ ਗੁਰਪਤਵੰਤ ਸਿੰਘ ਪੰਨੂੰ ਦੇ ਕਤਲ ਦੀ ਕਥਿਤ ਸਾਜ਼ਿਸ਼ ਦਾ ਮਾਮਲਾ ਭਾਰਤ ਸਰਕਾਰ ਲਈ ਇੱਕ ਵਾਰ ਮੁੜ ਵੱਡੀ ਕਾਨੂੰਨੀ ਅਤੇ ਕੂਟਨੀਤਕ ਚੁਣੌਤੀ ਬਣਦਾ ਜਾ ਰਿਹਾ ਹੈ। ਅਮਰੀਕੀ


ਆਵਾਜ਼ਿ ਕੌਮ AWAZE QAUM International Newspaper & WEB TV

ਵਿਦੇਸ਼ ਵਿਭਾਗ ਵੱਲੋਂ ਨਿਊਯਾਰਕ ਦੀ ਸੰਘੀ ਅਦਾਲਤ ਵਿੱਚ ਦਾਖ਼ਲ ਕੀਤੇ ਗਏ ਅਧਿਕਾਰਤ ਦਸਤਾਵੇਜ਼ਾਂ ਤੋਂ ਪੁਸ਼ਟੀ ਹੋਈ ਹੈ ਕਿ ਪੰਨੂੰ ਵੱਲੋਂ ਭਾਰਤ ਸਰਕਾਰ ਖ਼ਿਲਾਫ਼ ਦਾਇਰ ਸਿਵਲ ਮੁਕੱਦਮੇ ਦੇ ਸੰਮਨ ਅਤੇ ਹੋਰ ਕਾਨੂੰਨੀ ਕਾਗਜ਼ਾਤ ਵਾਸ਼ਿੰਗਟਨ ਸਥਿਤ ਭਾਰਤੀ ਦੂਤਘਰ ਨੂੰ ਕੂਟਨੀਤਕ ਮਾਧਿਅਮ ਰਾਹੀਂ ਪਹੁੰਚਾ ਦਿੱਤੇ ਗਏ ਹਨ। ਅਮਰੀਕੀ ਵਿਦੇਸ਼ ਵਿਭਾਗ ਨੇ ਅਦਾਲਤ ਵਿੱਚ ਭਾਰਤੀ ਦੂਤਘਰ ਹਵਾਲੇ ਸੰਮਨ ਦੇਣ ਦੀ ਜਾਣਕਾਰੀ ਦਰਜ ਕਰਵਾਈ ਗਈ। ਇਸੇ ਦੌਰਾਨ 9 ਨਵੰਬਰ ਨੂੰ ਨਿਊਯਾਰਕ ਦੀ ਸੰਘੀ ਅਦਾਲਤ ਨੇ ਇੱਕ ਹੋਰ ਅਹਿਮ ਹੁਕਮ ਜਾਰੀ ਕਰਦਿਆਂ ਪੰਨੂੰ ਨੂੰ ਭਾਰਤ ਦੇ ਕੌਮੀ ਸੁਰੱਖਿਆ ਸਲਾਹਕਾਰ ਅਜੀਤ ਡੋਵਾਲ ਅਤੇ ਖ਼ੁਫ਼ੀਆ ਏਜੰਸੀ ਰਾਅ ਦੇ ਸਾਬਕਾ ਮੁਖੀ ਸਾਮੰਤ ਗੋਇਲ ਤੱਕ ਦਿੱਲੀ ਦੀਆਂ ਅਦਾਲਤਾਂ ਰਾਹੀਂ ਕਾਨੂੰਨੀ ਸੰਮਨ ਪਹੁੰਚਾਉਣ ਦੀ ਪ੍ਰਕਿਰਿਆ ਅੱਗੇ ਵਧਾਉਣ ਦੀ ਇਜਾਜ਼ਤ ਦੇ ਦਿੱਤੀ ਹੈ। ਅਮਰੀਕੀ ਜੱਜ ਕੈਥਰੀਨ ਪੋਲਕ ਫੈਲਾ ਵੱਲੋਂ ਜਾਰੀ ਹੁਕਮ ਅਨੁਸਾਰ ਪੰਨੂੰ ਨੂੰ 30 ਨਵੰਬਰ 2026 ਤੱਕ ਸੰਮਨ ਭੇਜਣ ਦੇ ਪ੍ਰਸਤਾਵਿਤ ਤਰੀਕੇ, ਸਬੰਧਤ ਕਾਨੂੰਨੀ ਵਿਵਸਥਾਵਾਂ ਅਤੇ ਲੋੜੀਂਦੇ ਦਸਤਾਵੇਜ਼ ਅਦਾਲਤ ਦੀ ਮਨਜ਼ੂਰੀ ਲਈ ਪੇਸ਼ ਕਰਨੇ ਹੋਣਗੇ। ਜ਼ਿਕਰਯੋਗ ਹੈ ਕਿ ਸਤੰਬਰ 2024 ਵਿੱਚ ਦਾਇਰ ਕੀਤੇ ਗਏ ਸਿਵਲ ਮੁਕੱਦਮੇ ਵਿੱਚ ਭਾਰਤ ਸਰਕਾਰ ਤੋਂ ਇਲਾਵਾ ਅਜੀਤ ਡੋਵਾਲ, ਸਾਮੰਤ ਗੋਇਲ, ਵਿਕਰਮ ਯਾਦਵ ਅਤੇ ਨਿਖਿਲ ਗੁਪਤਾ ਸਮੇਤ ਕਈ ਵਿਅਕਤੀਆਂ ਨੂੰ ਧਿਰ ਬਣਾਇਆ ਗਿਆ ਹੈ। ਪੰਨੂੰ ਨੇ ਦੋਸ਼ ਲਾਇਆ ਹੈ ਕਿ ਖ਼ਾਲਿਸਤਾਨ ਦੀ ਹਮਾਇਤ ਵਿੱਚ ਕੀਤੀਆਂ ਜਾ ਰਹੀਆਂ ਉਸ ਦੀਆਂ ਸਿਆਸੀ ਸਰਗਰਮੀਆਂ ਕਾਰਨ ਅਮਰੀਕਾ ਦੀ ਧਰਤੀ ’ਤੇ ਉਸ ਦਾ ਕਤਲ ਕਰਵਾਉਣ ਦੀ ਸਾਜ਼ਿਸ਼ ਰਚੀ ਗਈ ਸੀ। ਇਸ ਸਬੰਧੀ ਭਾਰਤ ਸਰਕਾਰ ਆਪਣੇ ਉੱਚ ਅਧਿਕਾਰੀਆਂ ਦੀ ਕਥਿਤ ਸ਼ਮੂਲੀਅਤ ਦੇ ਦੋਸ਼ਾਂ ਤੋਂ ਇਨਕਾਰ ਕਰਦੀ ਆ ਰਹੀ ਹੈ। ਭਾਰਤੀ ਵਿਦੇਸ਼ ਮੰਤਰਾਲੇ ਨੇ ਤਾਜ਼ਾ ਅਦਾਲਤੀ ਕਾਰਵਾਈ ਉੱਤੇ ਪ੍ਰਤੀਕਿਰਿਆ ਦਿੰਦਿਆਂ ਇਨ੍ਹਾਂ ਦੋਸ਼ਾਂ ਨੂੰ ਮਨਘੜਤ ਅਤੇ ਬਦਨੀਤੀ ਨਾਲ ਲਾਏ ਗਏ ਦੋਸ਼ ਕਰਾਰ ਦਿੰਦਿਆਂ ਮੁਕੱਦਮੇ ਨੂੰ ਵੀ ਬੇਬੁਨਿਆਦ ਦੱਸਿਆ ਹੈ।

ਦੂਜੇ ਪਾਸੇ ਇਸੇ ਕਤਲ ਸਾਜ਼ਿਸ਼ ਨਾਲ ਸਬੰਧਤ ਵੱਖਰੇ ਫ਼ੌਜਦਾਰੀ ਮਾਮਲੇ ਵਿੱਚ ਭਾਰਤੀ ਨਾਗਰਿਕ ਨਿਖਿਲ ਗੁਪਤਾ 13 ਫਰਵਰੀ 2026 ਨੂੰ ਅਮਰੀਕੀ ਅਦਾਲਤ ਵਿੱਚ ਤਿੰਨ ਦੋਸ਼ ਕਬੂਲ ਕਰ ਚੁੱਕਾ ਹੈ। ਇਨ੍ਹਾਂ ਵਿੱਚ ਕਿਰਾਏ ’ਤੇ ਕਤਲ ਕਰਵਾਉਣ, ਕਤਲ ਦੀ ਸਾਜ਼ਿਸ਼ ਰਚਣ ਅਤੇ ਮਨੀ ਲਾਂਡਰਿੰਗ ਦੀ ਸਾਜ਼ਿਸ਼ ਨਾਲ ਸਬੰਧਤ ਦੋਸ਼ ਸ਼ਾਮਲ ਹਨ। ਉਸ ਦੀ ਸਜ਼ਾ-ਸੁਣਵਾਈ 20 ਨਵੰਬਰ ਨੂੰ ਨਿਊਯਾਰਕ ਦੀ ਸੰਘੀ ਅਦਾਲਤ ਵਿੱਚ ਸਵੇਰੇ 10 ਵਜੇ ਹੋਣੀ ਨਿਰਧਾਰਤ ਹੈ। ਅਮਰੀਕੀ ਜਾਂਚ ਏਜੰਸੀਆਂ ਵੱਲੋਂ ਇਸ ਸਾਜ਼ਿਸ਼ ਵਿੱਚ ਭਾਰਤ ਸਰਕਾਰ ਦੇ ਇੱਕ ਤਤਕਾਲੀ ਮੁਲਾਜ਼ਮ ਵਿਕਾਸ ਯਾਦਵ ਦੀ ਕਥਿਤ ਭੂਮਿਕਾ ਦੇ ਦੋਸ਼ ਵੀ ਲਾਏ ਗਏ ਹਨ। ਇਸ ਮਾਮਲੇ ਨੇ ਭਾਰਤ-ਅਮਰੀਕਾ ਸਬੰਧਾਂ ਦੇ ਨਾਲ-ਨਾਲ ਵਿਦੇਸ਼ਾਂ ਵਿੱਚ ਸਰਗਰਮ ਸਿੱਖ ਆਗੂਆਂ ਦੀ ਸੁਰੱਖਿਆ, ਸਿਆਸੀ ਵਿਚਾਰਾਂ ਦੇ ਪ੍ਰਗਟਾਵੇ ਦੀ ਆਜ਼ਾਦੀ ਅਤੇ ਵਿਦੇਸ਼ੀ ਧਰਤੀ ’ਤੇ ਕਥਿਤ ਸਰਕਾਰੀ ਕਾਰਵਾਈਆਂ ਬਾਰੇ ਗੰਭੀਰ ਸਵਾਲ ਖੜ੍ਹੇ ਕਰ ਦਿੱਤੇ ਹਨ। ਇੱਕ ਪਾਸੇ ਨਿਖਿਲ ਗੁਪਤਾ ਦੀ ਸਜ਼ਾ-ਸੁਣਵਾਈ ਨੇੜੇ ਆ ਰਹੀ ਹੈ, ਜਦਕਿ ਦੂਜੇ ਪਾਸੇ ਭਾਰਤ ਸਰਕਾਰ ਅਤੇ ਉਸ ਦੇ ਉੱਚ ਅਧਿਕਾਰੀਆਂ ਨੂੰ ਧਿਰ ਬਣਾਉਣ ਵਾਲੇ ਸਿਵਲ ਮੁਕੱਦਮੇ ਦੀ ਕਾਨੂੰਨੀ ਕਾਰਵਾਈ ਵੀ ਅੱਗੇ ਵਧ ਰਹੀ ਹੈ। ਅਜਿਹੇ ਹਾਲਾਤ ਵਿੱਚ 20 ਨਵੰਬਰ ਦਾ ਦਿਨ ਇਸ ਬਹੁਚਰਚਿਤ ਮਾਮਲੇ ਵਿੱਚ ਅਹਿਮ ਮੰਨਿਆ ਜਾ ਰਿਹਾ ਹੈ ਅਤੇ ਅਦਾਲਤ ਦੇ ਅਗਲੇ ਫ਼ੈਸਲੇ ਉੱਤੇ ਅਮਰੀਕਾ, ਭਾਰਤ, ਕੈਨੇਡਾ ਸਮੇਤ ਦੁਨੀਆ ਭਰ ਦੇ ਸਿੱਖ ਭਾਈਚਾਰੇ ਦੀਆਂ ਨਜ਼ਰਾਂ ਟਿਕੀਆਂ ਹੋਈਆਂ ਹਨ।




In commemoration of the
JOTI JOT DIVAS
of
Sri Guru Gobind Singh Ji Maharaj
Saturday 14th November 2026
5.30pm Rehraas Sahib
6.00pm Sri Dasam Granth Paath Bhog - Amandeep Singh
6.30pm Aarti Aarta - Bhai Sukhwinder Singh Ji (Sukhy Baba)
7.00pm Katha in English - Bhai Maan Singh Ji
7.30pm Mool Mantar Jaap - Bibi Harninder Kaur Ji
8.30pm (to Late) Kirtan Darbar
Attending: Bebe Nanaki Jatha, Bhai Abinash Singh Ji, Bhai Hardeep Singh Ji AKJ, Bhai Jaskeerat Singh Ji, Bibi Mandeep Kaur Ji AKJ, Bhai Sukhraj Singh Ji
LOCATION
Guru Nanak Gurdwara
Smethwick, B66 3AP
Main Hall Upstairs
GURU NANAK GURDWARA
SMETHWICK
For Details Contact
Jatinder Singh Bassi
07955 555840
Amandeep Singh
07490 031010
ਆਵਾਜ਼ਿ ਕੌਮ AWAZE QAUM
International Newspaper & WEB TV







ਸ਼ਹੀਦ ਭਾਈ ਪਰਵਿੰਦਰ ਸਿੰਘ ਖਾਲਸਾ (ਝੋਟਾ) ਦੀ ਤਸਵੀਰ

ਗੁਰਦੁਆਰਾ ਸਿੱਖ ਕਲਚਰਲ ਸੋਸਾਇਟੀ ਨਿਊਯਾਰਕ ਦੀ ਸ਼ਹੀਦੀ ਗੈਲਰੀ ਵਿੱਚ ਸੁਸ਼ੋਭਿਤ

ਸ਼ਹੀਦੀ ਸਮਾਗਮ ਦੌਰਾਨ ਪੰਥਕ ਜਥੇਬੰਦੀਆਂ ਤੇ ਸੰਗਤ ਵੱਲੋਂ ਸ਼ਹੀਦਾਂ ਦੀ ਸੋਚ 'ਤੇ ਪਹਿਰਾ ਦੇਣ ਦਾ ਅਹਿਦ



ਨਵੀਂ ਦਿੱਲੀ, 10 ਨਵੰਬਰ (ਮਨਪ੍ਰੀਤ ਸਿੰਘ ਖਾਲਸਾ): ਭਾਈ ਹਿੰਮਤ ਸਿੰਘ ਯੂਐਸਏ ਵੱਲੋਂ ਭੇਜੀ ਗਈ ਜਾਣਕਾਰੀ ਮੁਤਾਬਿਕ, ਨਿਊਯਾਰਕ ਦੇ ਗੁਰਦੁਆਰਾ ਸਿੱਖ ਕਲਚਰਲ ਸੋਸਾਇਟੀ, ਰਿਚਮੰਡ ਹਿੱਲ ਵਿਖੇ ਸ਼ਹੀਦ ਭਾਈ ਸਤਵੰਤ ਸਿੰਘ, ਭਾਈ ਬੇਅੰਤ ਸਿੰਘ ਅਤੇ ਭਾਈ ਕੇਹਰ ਸਿੰਘ ਦੇ ਸ਼ਹੀਦੀ ਦਿਹਾੜਿਆਂ ਨੂੰ ਸਮਰਪਿਤ ਮਹਾਨ ਪੰਥਕ ਸ਼ਹੀਦੀ ਸਮਾਗਮ ਸ਼ਰਧਾ ਅਤੇ ਚੜ੍ਹਦੀ ਕਲਾ ਨਾਲ ਮਨਾਇਆ ਗਿਆ। ਅਖੰਡ ਪਾਠ ਸਾਹਿਬ ਦੀ ਸੰਪੂਰਨਤਾ ਉਪਰੰਤ ਲੰਗਰ ਹਾਲ ਵਿੱਚ ਸਥਿਤ ਸ਼ਹੀਦੀ ਗੈਲਰੀ ਵਿਖੇ ਸ਼ਹੀਦ ਭਾਈ ਪਰਵਿੰਦਰ ਸਿੰਘ ਖਾਲਸਾ (ਝੋਟਾ) ਦੀ

ਆਵਾਜ਼ਿ ਕੌਮ AWAZE QAUM International Newspaper & WEB TV

ਤਸਵੀਰ ਸੁਸ਼ੋਭਿਤ ਕੀਤੀ ਗਈ। ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ, ਪੰਥਕ ਜਥੇਬੰਦੀਆਂ ਅਤੇ ਸੰਗਤ ਵੱਲੋਂ ਸ਼ਹੀਦਾਂ ਦੇ ਪਾਏ ਪੂਰਨਿਆਂ 'ਤੇ ਚੱਲਣ ਦਾ ਸੰਕਲਪ ਪ੍ਰਗਟ ਕੀਤਾ ਗਿਆ। ਜ਼ਿਕਰਯੋਗ ਹੈ ਕਿ ਭਾਈ ਪਰਵਿੰਦਰ ਸਿੰਘ ਖਾਲਸਾ ਨੇ ਪੰਜਾਬ ਦੀ ਨੌਜਵਾਨੀ ਨੂੰ ਨਸ਼ਿਆਂ ਤੋਂ ਬਚਾਉਣ ਅਤੇ ਨਸ਼ਿਆਂ ਦੇ ਕਾਰੋਬਾਰ ਵਿਰੁੱਧ ਆਵਾਜ਼ ਬੁਲੰਦ ਕੀਤੀ ਸੀ। 13 ਅਕਤੂਬਰ 2026 ਨੂੰ ਮਾਨਸਾ ਵਿਖੇ ਉਨ੍ਹਾਂ ਦਾ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਗਿਆ ਸੀ। ਹਿੰਮਤ ਸਿੰਘ ਯੂਐਸਏ ਵੱਲੋਂ ਭੇਜੀ ਜਾਣਕਾਰੀ ਅਨੁਸਾਰ, ਸਮਾਗਮ ਦੌਰਾਨ ਸੰਗਤ ਨੇ ਪੰਜਾਬ ਵਿੱਚ ਨਸ਼ਿਆਂ ਦੇ ਵਧਦੇ ਸੰਕਟ ਅਤੇ ਇਸ ਸਬੰਧੀ ਸਰਕਾਰਾਂ ਦੀ ਜਵਾਬਦੇਹੀ 'ਤੇ ਗੰਭੀਰ ਚਿੰਤਾ ਪ੍ਰਗਟ ਕੀਤੀ। ਨਸ਼ਾ-ਮੁਕਤ ਪੰਜਾਬ ਦੇ ਵਾਅਦਿਆਂ ਦੇ ਬਾਵਜੂਦ ਨੌਜਵਾਨੀ ਇਸ ਮਾਰ ਦਾ ਸ਼ਿਕਾਰ ਹੋ ਰਹੀ ਹੈ। ਤਸਵੀਰ ਸੁਸ਼ੋਭਿਤ ਕਰਨ ਸਮੇਂ ਜੈਕਾਰਿਆਂ ਦੀ ਗੂੰਜ ਵਿੱਚ "ਸ਼ਹੀਦ ਭਾਈ ਪਰਵਿੰਦਰ ਸਿੰਘ ਖਾਲਸਾ, ਤੇਰੀ ਸੋਚ 'ਤੇ ਪਹਿਰਾ ਦਿਆਂਗੇ ਠੋਕ ਕੇ" ਅਤੇ "ਬੋਲੇ ਸੋ ਨਿਹਾਲ, ਸਤਿ ਸ੍ਰੀ ਅਕਾਲ" ਦੇ ਜੈਕਾਰੇ ਗੂੰਜ ਉੱਠੇ। ਸਮਾਗਮ ਦੀ ਸਮਾਪਤੀ ਮੌਕੇ ਅਕਾਲ ਪੁਰਖ ਅੱਗੇ ਅਰਦਾਸ ਕੀਤੀ ਗਈ ਕਿ ਸੰਗਤ ਨੂੰ ਸ਼ਹੀਦ ਦੀ ਸੋਚ 'ਤੇ ਪਹਿਰਾ ਦੇਣ ਅਤੇ ਨਸ਼ਾ-ਮੁਕਤ ਪੰਜਾਬ ਦੀ ਸਿਰਜਣਾ ਲਈ ਯਤਨਸ਼ੀਲ ਰਹਿਣ ਦਾ ਬਲ ਬਖ਼ਸ਼ਣ।



ਆਵਾਜ਼ਿ ਕੌਮ AWAZE QAUM
International Newspaper & WEB TV

TPU - THE PANJAB UNIVERSE

LEARN | TRADE | GROW | EARN FOR LIFE

ਸਿੱਖੋ ਟਰੇਡਿੰਗ, ਬਦਲੋ ਆਪਣੀ ਜ਼ਿੰਦਗੀ

ਸਾਡੀਆਂ ਸੇਵਾਵਾਂ:

- 100% ਪ੍ਰੈਕਟੀਕਲ ਟਰੇਡਿੰਗ
- ਲਾਈਵ ਮਾਰਕੀਟ ਸਿਖਲਾਈ
- ਬਿਗਨਰ ਤੋਂ ਐਡਵਾਂਸ ਲੈਵਲ ਤੱਕ
- ਇਨਕਿਊਬੇਟਰ ਗਾਈਡੈਂਸ
- ਲਾਈਫ ਟਾਈਮ ਸਪੋਰਟ

ਕੋਰਸ ਵਿੱਚ ਸ਼ਾਮਲ:

- ਇੰਟਰਾਡੇ
- ਸਵਿੰਗ
- ਆਪਸ਼ਨ
- ਸਟਾਕ ਮਾਰਕੀਟ ਬੇਸਿਕ ਤੋਂ ਐਡਵਾਂਸ
- ਰਿਸਕ ਮੈਨੇਜਮੈਂਟ
- ਇਨਵੈਸਟਮੈਂਟ ਸਟ੍ਰੈਟਜੀ
- ਪ੍ਰੈਕਟੀਕਲ ਟਰੇਡਿੰਗ ਸਿਸਟਮ

ਆਵਾਜ਼ਿ ਕੌਮ AWAZE QAUM International Newspaper & WEB TV

ਆਪਣੇ ਹੁਨਰ ਨੂੰ ਪੈਸ਼ੇ ਵਿੱਚ ਬਦਲੋ

ਘਰ ਬੈਠੇ ਡਾਲਰ ਕਮਾਓ - ਆਪਣੇ ਬੱਚਿਆਂ ਨੂੰ ਵੀ ਸ਼ਿਖਾ ਸਕਦੇ ਹੋ, ਉਹਨਾਂ ਦਾ ਭਵਿੱਖ ਸਵਾਰ ਸਕਦੇ ਹੋ

+91 76961 59766

Instagram: thepanjabuniverse / the.panjabuniverse (ਜਲੰਪਰ)

ਸਾਡਾ ਪਤਾ: Lambra near Jalandhar

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥
ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥2॥



ਸ੍ਰੀਮਤੀ ਜੋਗਿੰਦਰ ਕੌਰ ਜੀ

ਆਪ ਸਭ ਨੂੰ ਸੁਚਿਤ ਕੀਤਾ ਜਾਂਦਾ ਹੈ ਕਿ
ਮਾਤਾ **ਜੋਗਿੰਦਰ ਕੌਰ** ਧਰਮ ਪਤਨੀ
ਸ. ਸਿੰਗਾਰਾ ਸਿੰਘ **26-10-2026** ਨੂੰ
ਸਦੀਵੀ **ਵਿਛੋੜਾ** ਦੇ ਗਏ ਸਨ ।

ਉਹਨਾਂ ਦੇ ਨਮਿਤ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ
11-11-2026 ਦਿਨ **ਬੁੱਧਵਾਰ** ਸਾਡੇ ਗ੍ਰਹਿ ਪਿੰਡ ਸਰਾਂ ਵਿਖੇ
ਪਾਏ ਜਾਣਗੇ । ਉਪਰੰਤ ਭੋਗ ਤੋਂ ਉਪਰੰਤ ਕੀਰਤਨ, ਕਥਾ
ਅਤੇ ਸ਼ਰਧਾਂਜਲੀ ਸਮਾਗਮ ਹੋਣਗੇ ।

ਅੰਤਿਮ ਅਰਦਾਸ : 1:00 ਵਜੇ ਤੱਕ

ਗੁਰੂ ਭਾਣੇ ਵਿੱਚ ਬਲਜੀਤ ਸਿੰਘ ਸਰਾ (ਸਪੁੱਤਰ)
ਐਸੀ ਵਿੰਗ ਸੈਲ ਪੰਜਾਬ ਦੇ ਜਨਰਲ ਸਕੱਤਰ,
ਆਮ ਆਦਮੀ ਪਾਰਟੀ ਸੀਨੀਅਰ ਆਗੂ

ਰਾਜਬੀਰ ਕੌਰ (ਨੂੰਹ- ਸਪੁੱਤਰ)
ਪੋਤਰਾ ਕਰਨਵੀਰ , ਯੂ ਕੇ

(ਫੋਨ ਨੰਬਰ) 8968762026 7098170003

ਆਵਾਜ਼ਿ ਕੌਮ AWAZE QAUM International Newspaper & WEB TV

ਬੰਦੀ ਛੋੜ ਦਿਵਸ ਦੇ ਸ਼ੁਭ ਤਿਉਹਾਰ ਦੇ ਸਬੰਧ ਵਿੱਚ ਕਰਵਾਏ ਗਏ ਮੁਕਾਬਲਿਆਂ ਦੇ

ਜੇਤੂ ਵਿਦਿਆਰਥੀਆਂ ਨੂੰ ਇਨਾਮਾਂ ਨਾਲ ਸਨਮਾਨਿਤ ਕੀਤਾ ਗਿਆ



ਚੌਂਕ ਮਹਿਤਾ,10 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ, ਮੁਖੀ ਦਮਦਮੀ ਟਕਸਾਲ ਦੀ ਸਰਪ੍ਰਸਤੀ ਹੇਠ ਚੱਲ ਰਹੇ ਵਿਦਿਅਕ ਅਦਾਰਿਆਂ ਵਿੱਚੋਂ ਨਵੇਂ ਵਿਦਿਅਕ ਅਦਾਰੇ ਸ਼ਹੀਦ ਬਾਬਾ ਦੀਪ ਸਿੰਘ ਜੀ ਪਬਲਿਕ ਹਾਈ ਸਕੂਲ, ਮਹਿਸਮਪੁਰ ਵਿਖੇ ਬੰਦੀ ਛੋੜ ਦਿਵਸ ਦੇ ਸ਼ੁਭ ਤਿਉਹਾਰ ਦੇ ਸਬੰਧ ਵਿੱਚ ਕਰਵਾਏ ਗਏ ਦੀਵਾ ਮੇਕਿੰਗ ਅਤੇ ਰੰਗੋਲੀ ਮੇਕਿੰਗ ਮੁਕਾਬਲਿਆਂ ਦੇ ਜੇਤੂ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ। ਇਨ੍ਹਾਂ ਮੁਕਾਬਲਿਆਂ ਵਿੱਚ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ ਅਤੇ ਆਪਣੀ ਕਲਾ, ਮਿਹਨਤ ਅਤੇ ਸਿਰਜਣਾਤਮਕਤਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਵਿਦਿਆਰਥੀਆਂ ਵੱਲੋਂ ਤਿਆਰ ਕੀਤੇ ਗਏ ਸੁੰਦਰ ਦੀਵਿਆਂ ਅਤੇ ਰੰਗ-ਬਿਰੰਗੀਆਂ ਰੰਗੋਲੀਆਂ ਨੇ ਸਭ ਦਾ ਮਨ ਮੋਹ ਲਿਆ।ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਨੇ ਕਿਹਾ ਕਿ ਅਜਿਹੇ ਮੁਕਾਬਲੇ ਵਿਦਿਆਰਥੀਆਂ ਅੰਦਰ ਲੁਕੀ ਹੋਈ ਕਲਾ ਅਤੇ ਪ੍ਰਤਿਭਾ ਨੂੰ ਨਿਖਾਰਨ ਦੇ ਨਾਲ-ਨਾਲ ਉਨ੍ਹਾਂ ਵਿੱਚ ਆਤਮ-ਵਿਸ਼ਵਾਸ, ਮਿਹਨਤ ਅਤੇ ਮੁਕਾਬਲੇ ਦੀ ਭਾਵਨਾ ਪੈਦਾ ਕਰਦੇ ਹਨ। ਸਕੂਲ ਵੱਲੋਂ ਭਵਿੱਖ ਵਿੱਚ ਵੀ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਅਜਿਹੀਆਂ ਗਤੀਵਿਧੀਆਂ ਕਰਵਾਈਆਂ ਜਾਂਦੀਆਂ ਰਹਿਣਗੀਆਂ। ਇਸ ਮੌਕੇ ਹੋਰ ਹਾਜ਼ਰ ਸ਼ਖਸੀਅਤਾਂ ਵਿੱਚ ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਹਰਜੋਤ ਸਿੰਘ, ਪ੍ਰਿੰਸੀਪਲ ਗੁਰਦੀਪ ਸਿੰਘ, ਮੈਡਮ ਮਨਦੀਪ ਕੌਰ, ਮੈਡਮ ਸੁਖਵੰਤ ਕੌਰ,ਮੈਡਮ ਕਿਰਨਪ੍ਰੀਤ ਕੌਰ ਸਮੇਤ ਸਮੂਹ ਸਕੂਲ ਸਟਾਫ਼ ਮੌਜੂਦ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ

"ਯੁਵਾ-ਸੰਸਦ-2027" ਆਯੋਜਿਤ



ਤਲਵੰਡੀ ਸਾਬੋ, 10 ਨਵੰਬਰ (ਗੁਰਜੰਟ ਸਿੰਘ ਨਥੇਹਾ)- ਭਾਰਤ ਸਰਕਾਰ ਦੇ ਯੁਵਾ ਮਾਮਲੇ ਤੇ ਖੇਡ ਮੰਤਰਾਲੇ ਵੱਲੋਂ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਸਕੂਲ ਆਫ਼ ਲਾਅ ਦੇ ਸਹਿਯੋਗ ਨਾਲ "ਵਿਕਸਿਤ ਭਾਰਤ ਯੰਗ ਲੀਡਰਜ਼ ਡਾਇਲਾਗ-ਯੁਵਾ ਸੰਸਦ-2027" ਦਾ ਆਯੋਜਨ ਵਰਸਿਟੀ ਦੇ ਸੈਮੀਨਾਰ ਹਾਲ ਵਿਖੇ ਕੀਤਾ ਗਿਆ। ਜਿਸ ਦਾ ਆਗਾਜ਼ ਮੁੱਖ ਮਹਿਮਾਨ ਪਰੋ. ਵਾਈਸ ਚਾਂਸਲਰ ਡਾ. ਜਗਤਾਰ ਸਿੰਘ ਧੀਮਾਨ ਅਤੇ ਪਰੋ. ਵਾਈਸ ਚਾਂਸਲਰ (ਖੋਜ ਅਤੇ ਸਿਖਲਾਈ) ਡਾ. ਪੀਯੂਸ਼ ਵਰਮਾ ਵੱਲੋਂ ਜੋਤ ਜਗਾ ਕੇ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਯੁਵਾ ਅਧਿਕਾਰੀ ਮੀਸ਼ਾ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ। ਜਦ ਕਿ ਡਾ. ਨੇਹਾ ਪੁਰੋਹਿਤ ਸਹਾਇਕ ਪ੍ਰੋਫੈਸਰ, ਐਡਵੋਕੇਟ ਹਰੀਸ਼ ਜੋਸ਼ੀ ਰਾਜਸਥਾਨ ਹਾਈਕੋਰਟ, ਜਸ਼ਨਦੀਪ ਕੌਰ,



ਸਹਾਇਕ ਫੋਰੈਂਸਿਕ ਅਧਿਕਾਰੀ ਬਠਿੰਡਾ, ਅਨਿਲ ਰਾਣਵਾ ਸਹਾਇਕ ਕਮਾਂਡੈਂਟ ਤੇ ਹੁਸਨਦੀਪ ਸਿੰਘ ਜੱਜਾਂ ਦੇ ਪੈਨਲ ਵਿੱਚ ਸ਼ਾਮਿਲ ਹੋਏ। ਇਸ ਮੌਕੇ ਮੁੱਖ ਮਹਿਮਾਨ ਡਾ. ਧੀਮਾਨ ਨੇ ਵਿਦਿਆਰਥੀਆਂ ਨੂੰ ਭਾਰਤੀ ਲੋਕਤੰਤਰੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਪੂਰੀ ਸ਼ਿੱਦਤ ਤੇ ਨਿਰਭਰ ਹੋ ਕੇ ਆਪਣੇ ਵੋਟ ਦੇ ਅਧਿਕਾਰ ਦਾ ਇਸਤੇਮਾਲ ਕਰਨ ਲਈ ਕਿਹਾ। ਉਹਨਾਂ ਦੱਸਿਆ ਕਿ ਭਾਰਤ ਦੁਨੀਆਂ ਦਾ ਸਭ ਤੋਂ ਵੱਡਾ ਲੋਕਤੰਤਰ ਹੈ, ਇਸ ਦੀ ਮਜ਼ਬੂਤੀ ਲਈ ਲੋਕਾਂ ਨੂੰ ਆਪਣੇ ਹੱਕਾਂ ਅਤੇ ਕਰਤੱਵਾਂ ਪ੍ਰਤੀ ਜਾਗਰੂਕ ਹੋਣਾ ਪਵੇਗਾ। ਉਹਨਾਂ ਨੌਜਵਾਨ ਪੀੜ੍ਹੀ ਨੂੰ ਰਾਸ਼ਟਰ ਦੇ ਵਿਕਾਸ ਵਿੱਚ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ। ਜ਼ਿਲ੍ਹਾ ਯੁਵਾ ਅਧਿਕਾਰੀ ਮੀਸ਼ਾ ਨੇ ਸਮਾਰੋਹ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਯੁਵਾ ਸੰਸਦ ਵਿੱਚ ਮੁੱਖ ਵਿਸ਼ੇ "ਇੱਕ- ਰਾਸ਼ਟਰ-ਇੱਕ ਵੋਟ" ਲਈ ਬਠਿੰਡਾ ਜ਼ਿਲ੍ਹੇ ਦੀਆਂ ਉੱਚ ਵਿੱਦਿਅਕ ਸੰਸਥਾਵਾਂ ਦੇ 80 ਵਿਦਿਆਰਥੀਆਂ ਨੇ ਆਪਣੇ ਵਿਚਾਰ ਰੱਖੇ। ਜੱਜਾਂ ਦੇ ਪੈਨਲ ਵੱਲੋਂ ਭਾਗੀਦਾਰਾਂ ਦੇ ਪ੍ਰਦਰਸ਼ਨ ਦੇ ਆਧਾਰ ਤੇ ਅਕਾਂਸ਼ਾ ਤਿਵਾਰੀ ਨੇ ਪਹਿਲਾ, ਦੀਆ ਨੇ ਦੂਜਾ ਤੇ ਸ਼ਾਹ ਫੈਜ਼ਲ ਨੇ ਤੀਜਾ ਸਥਾਨ ਹਾਸਿਲ ਕੀਤਾ। ਜ਼ਿਲ੍ਹੇ ਵਿੱਚੋਂ ਚੁਣੇ ਗਏ ਤਿੰਨੇ ਜੇਤੂ ਵਿਦਿਆਰਥੀ ਰਾਜ-ਪੱਧਰੀ ਯੁਵਾ-ਸੰਸਦ ਵਿੱਚ ਜ਼ਿਲ੍ਹਾ ਬਠਿੰਡਾ ਦੀ ਨੁਮਾਇੰਦਗੀ ਕਰਨਗੇ। ਆਯੋਜਕਾਂ ਵੱਲੋਂ ਸਮਾਰੋਹ ਦੇ ਪ੍ਰਭਾਵਸ਼ਾਲੀ, ਤਾਲਮੇਲ-ਪੂਰਣ ਅਤੇ ਸਮੇਂ ਬੱਧ ਸੰਚਾਲਨ ਲਈ ਡਾ. ਰਾਜੇਸ਼ ਬਿਸ਼ਨੋਈ, ਵਿਭਾਗ ਮੁੱਖੀ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਜੇਤੂਆਂ ਨੂੰ ਟਰਾਫ਼ੀਆਂ, ਸਰਟੀਫਿਕੇਟਾਂ ਅਤੇ ਭਾਗੀਦਾਰਾਂ ਨੂੰ ਸਰਟੀਫਿਕੇਟ ਨਾਲ ਪ੍ਰੋਤਸਾਹਿਤ ਕੀਤਾ ਗਿਆ। ਮਨਦੀਪ ਕੁਮਾਰ ਅਤੇ ਸ਼ਿਖਾ ਨੇ ਵਧੀਆ ਸੰਚਾਲਨ ਕਾਰਨ ਦਰਸ਼ਕਾਂ ਅਤੇ ਸਰੋਤਿਆਂ ਦੀ ਖ਼ੂਬ ਵਾਹ-ਵਾਹ ਖੱਟੀ। ਆਯੋਜਕਾਂ ਅਨੁਸਾਰ ਪ੍ਰੋਗਰਾਮ ਦਾ ਮੁੱਖ ਮਕਸਦ ਨੌਜਵਾਨਾਂ ਵਿੱਚ ਲੀਡਰਸ਼ਿਪ ਦੀ ਯੋਗਤਾ, ਤਰਕਸ਼ੀਲ ਸੋਚ, ਸੰਵਾਦ ਕਲਾ ਅਤੇ ਰਾਸ਼ਟਰ ਨਿਰਮਾਣ ਵਿੱਚ ਉਹਨਾਂ ਦੀ ਸਰਗਰਮ ਭਾਗੀਦਾਰੀ ਨੂੰ ਉਤਸਾਹਿਤ ਕਰਨਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਪੰਜਾਬ ਦੇ ਸਰਮਾਏ ਦਾ ਪ੍ਰਵਾਸੀ ਆਬਾਦੀ 'ਤੇ ਵਧਦਾ ਖ਼ਰਚ, ਪੰਜਾਬੀ ਦੀ ਥਾਂ ਹਿੰਦੀ ਦਾ ਪਸਾਰ ਅਤੇ ਅਪਰਾਧਿਕ ਵਾਰਦਾਤਾਂ ਵਿੱਚ ਵਾਧਾ ਗੰਭੀਰ ਚਿੰਤਾ ਦਾ ਵਿਸ਼ਾ: ਸਰਦਾਰ ਸੰਤ ਮੀਤ ਸਿੰਘ

ਪੰਜਾਬ ਦੀ ਆਰਥਿਕਤਾ, ਸੱਭਿਆਚਾਰਕ ਪਛਾਣ ਅਤੇ ਲੋਕਾਂ ਦੀ ਜਾਨ-ਮਾਲ ਦੀ ਸੁਰੱਖਿਆ ਨੂੰ ਲੈ ਕੇ ਸਰਕਾਰਾਂ ਜਵਾਬਦੇਹ ਬਣਨ



ਨਵੀਂ ਦਿੱਲੀ 10 ਨਵੰਬਰ (ਮਨਪ੍ਰੀਤ ਸਿੰਘ ਖਾਲਸਾ): ਪੰਜਾਬ ਅੰਦਰ ਵਧ ਰਹੀ ਪ੍ਰਵਾਸੀ ਆਬਾਦੀ ਦੇ ਮੱਦੇਨਜ਼ਰ ਸਰਕਾਰੀ ਸਰੋਤਾਂ ਅਤੇ ਲੋਕਾਂ ਦੇ ਸਰਮਾਏ ਉੱਤੇ ਪੈ ਰਹੇ ਵਾਧੂ ਬੋਝ, ਪੰਜਾਬ ਦੇ ਕਈ ਇਲਾਕਿਆਂ ਵਿੱਚ ਪੰਜਾਬੀ ਮਾਂ-ਬੋਲੀ ਦੀ ਥਾਂ ਹਿੰਦੀ ਦੀ ਵਧ ਰਹੀ ਵਰਤੋਂ ਅਤੇ ਅਪਰਾਧਿਕ ਵਾਰਦਾਤਾਂ ਵਿੱਚ ਹੋ ਰਹੇ ਵਾਧੇ ਨੂੰ ਲੈ ਕੇ ਗੰਭੀਰ ਚਿੰਤਾ ਪ੍ਰਗਟ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਜਨਕਪੁਰੀ ਇਲਾਕੇ ਦੇ ਵਾਰਡ ਨੰਬਰ 32 ਤੋਂ ਚੋਣ ਉਮੀਦਵਾਰ ਸਰਦਾਰ ਸੰਤ ਮੀਤ ਸਿੰਘ ਨੇ ਕਿਹਾ ਕਿ ਪੰਜਾਬ ਦੀ ਆਰਥਿਕਤਾ, ਸੱਭਿਆਚਾਰਕ ਪਛਾਣ ਅਤੇ ਲੋਕਾਂ ਦੀ ਜਾਨ-ਮਾਲ ਦੀ ਸੁਰੱਖਿਆ ਨਾਲ ਜੁੜੇ ਇਨ੍ਹਾਂ ਮਸਲਿਆਂ ਨੂੰ ਹੋਰ ਅਣਗੌਲਿਆ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਗੁਜਰਾਤ ਅਤੇ ਹੋਰ ਸੂਬਿਆਂ ਵਿੱਚ ਸਥਾਨਕ ਲੋਕਾਂ ਦੇ ਹਿੱਤਾਂ, ਵਸੋਂ ਦੇ ਸੰਤੁਲਨ ਅਤੇ ਸਮਾਜਿਕ ਵਿਵਸਥਾ ਨੂੰ ਧਿਆਨ ਵਿੱਚ ਰੱਖਦਿਆਂ ਸਮੇਂ-ਸਮੇਂ 'ਤੇ ਨੀਤੀਗਤ ਕਦਮ ਚੁੱਕੇ ਜਾਣ ਦੀਆਂ ਮਿਸਾਲਾਂ ਤੋਂ ਪੰਜਾਬ ਨੂੰ ਵੀ ਸਿੱਖਣ ਦੀ ਲੋੜ ਹੈ। ਉਨ੍ਹਾਂ ਦੇ ਵਿਚਾਰ ਅਨੁਸਾਰ ਪੰਜਾਬੀਆਂ ਨੂੰ ਵੀ ਸਮੇਂ ਸਿਰ ਕਾਨੂੰਨੀ ਅਤੇ ਸੰਵਿਧਾਨਕ ਢੰਗ ਨਾਲ ਅਜਿਹੇ ਕਦਮ ਚੁੱਕਣੇ ਚਾਹੀਦੇ ਹਨ, ਜਿਨ੍ਹਾਂ ਨਾਲ ਸਥਾਨਕ ਵਸਨੀਕਾਂ ਦੇ ਹੱਕਾਂ, ਸੁਰੱਖਿਆ ਅਤੇ ਸੱਭਿਆਚਾਰਕ ਵਿਰਸੇ ਦੀ ਰਾਖੀ ਹੋ ਸਕੇ। ਉਨ੍ਹਾਂ ਕਿਹਾ ਕਿ ਪੰਜਾਬ ਸਿਰਫ਼ ਇੱਕ ਭੂਗੋਲਿਕ ਖੇਤਰ ਨਹੀਂ, ਸਗੋਂ ਗੁਰੂਆਂ ਦੀ ਧਰਤੀ, ਪੰਜਾਬੀ ਮਾਂ-ਬੋਲੀ, ਸਿੱਖੀ ਸਿਧਾਂਤਾਂ ਅਤੇ ਅਮੀਰ ਵਿਰਸੇ ਦੀ ਵਿਲੱਖਣ ਪਛਾਣ ਰੱਖਦਾ ਹੈ। ਬਾਹਰੋਂ ਆਉਣ ਵਾਲੀ ਆਬਾਦੀ ਦੇ ਵਾਧੇ ਨਾਲ ਸਥਾਨਕ ਸਰੋਤਾਂ, ਰੁਜ਼ਗਾਰ, ਰਿਹਾਇਸ਼ ਅਤੇ ਬੁਨਿਆਦੀ ਸਹੂਲਤਾਂ ਉੱਤੇ ਪੈਣ ਵਾਲੇ ਦਬਾਅ ਦਾ ਨਿਰਪੱਖ ਮੁਲਾਂਕਣ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਮਾਂ-ਬੋਲੀ, ਸੱਭਿਆਚਾਰਕ ਪਛਾਣ ਅਤੇ ਸਥਾਨਕ ਲੋਕਾਂ ਦੇ ਜਾਇਜ਼ ਹੱਕਾਂ ਦੀ ਰਾਖੀ ਕਰਨਾ ਵੀ ਸਰਕਾਰ ਦਾ ਪਹਿਲਾ ਫਰਜ਼ ਹੈ। ਇਸ ਦੇ ਨਾਲ ਹੀ ਪੰਜਾਬ ਅੰਦਰ ਇੰਨ੍ਹਾ ਦੀ ਵੱਧ ਰਹੀ ਆਮਦ ਉਪਰੰਤ ਵੱਡੇ ਪੱਧਰ ਤੇ ਵੱਧ ਰਹੀਆਂ ਅਪਰਾਧਿਕ ਵਾਰਦਾਤਾਂ ਦੀ ਨਿਰਪੱਖ ਜਾਂਚ ਅਤੇ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ। ਉਨ੍ਹਾਂ ਇਸ ਸਮੱਸਿਆ ਦੇ ਦੂਜੇ ਅਹਿਮ ਪੱਖ ਵੱਲ ਧਿਆਨ ਦਿਵਾਉਂਦਿਆਂ ਕਿਹਾ ਕਿ ਪੰਜਾਬ ਦੇ ਵੱਡੀ ਗਿਣਤੀ ਵਿੱਚ ਨੌਜਵਾਨ ਰੋਜ਼ੀ-ਰੋਟੀ, ਰੁਜ਼ਗਾਰ ਅਤੇ ਬਿਹਤਰ ਭਵਿੱਖ ਦੀ ਭਾਲ ਵਿੱਚ ਆਪਣੀ ਜਨਮਭੂਮੀ ਛੱਡ ਕੇ ਵਿਦੇਸ਼ਾਂ ਵੱਲ ਜਾ ਰਹੇ ਹਨ। ਇਹ ਸਿਰਫ਼ ਬੇਰੁਜ਼ਗਾਰੀ ਦਾ ਮਸਲਾ ਨਹੀਂ, ਸਗੋਂ ਪੰਜਾਬ ਦੇ ਸਮਾਜਿਕ, ਆਰਥਿਕ ਅਤੇ ਸੱਭਿਆਚਾਰਕ ਭਵਿੱਖ ਨਾਲ ਜੁੜਿਆ ਗੰਭੀਰ ਵਿਸ਼ਾ ਹੈ। ਇੱਕ ਪਾਸੇ ਪੰਜਾਬ ਦਾ ਨੌਜਵਾਨ ਆਪਣੀ ਧਰਤੀ ਛੱਡਣ ਲਈ ਮਜਬੂਰ ਹੈ ਅਤੇ ਦੂਜੇ ਪਾਸੇ ਸੂਬੇ ਦੀ ਆਬਾਦੀ ਦੀ ਬਣਤਰ ਅਤੇ ਸਥਾਨਕ ਸਰੋਤਾਂ ਉੱਤੇ ਪੈ ਰਹੇ ਪ੍ਰਭਾਵਾਂ ਬਾਰੇ ਸਵਾਲ ਉੱਠ ਰਹੇ ਹਨ। ਉਨ੍ਹਾਂ ਮੰਗ ਕੀਤੀ ਕਿ ਪੰਜਾਬ ਵਿੱਚ ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਕੀਤੇ ਜਾਣ, ਆਬਾਦੀ ਅਤੇ ਵਸੇਬੇ ਸਬੰਧੀ ਕਾਨੂੰਨੀ ਨਿਯਮਾਂ ਦੀ ਪਾਰਦਰਸ਼ੀ ਪਾਲਣਾ ਯਕੀਨੀ ਬਣਾਈ ਜਾਵੇ ਅਤੇ ਪੰਜਾਬ ਦੀ ਇਤਿਹਾਸਕ, ਧਾਰਮਿਕ ਤੇ ਸੱਭਿਆਚਾਰਕ ਪਛਾਣ ਦੀ ਰਾਖੀ ਲਈ ਠੋਸ ਨੀਤੀ ਬਣਾਈ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਦੀ ਤਰੱਕੀ ਦਾ ਅਰਥ ਸਿਰਫ਼ ਆਰਥਿਕ ਵਿਕਾਸ ਨਹੀਂ, ਸਗੋਂ ਆਪਣੀ ਮਿੱਟੀ, ਵਿਰਸੇ, ਮਾਂ-ਬੋਲੀ ਅਤੇ ਆਉਣ ਵਾਲੀਆਂ ਪੀੜ੍ਹੀਆਂ ਦੀ ਪਛਾਣ ਨੂੰ ਸੁਰੱਖਿਅਤ ਰੱਖਣਾ ਵੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਗੁਰਬਾਣੀ ਨੂੰ ਫ਼ਿਲਮੀ ਧੁਨਾਂ 'ਤੇ ਗਾਉਣ ਅਤੇ ਗੁਰੂ ਘਰ ਦੀ ਸਟੇਜ ਨੂੰ ਰੀਲਾਂ ਦਾ ਮੰਚ ਬਣਾਉਣ 'ਤੇ ਰੋਕ ਲਾਉਣ ਦੀ ਮੰਗ: ਹਰਜੋਤ ਸ਼ਾਹ ਸਿੰਘ

ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਨੂੰ ਪੱਤਰ ਭੇਜ ਕੇ ਗੁਰਬਾਣੀ ਗਾਇਨ ਦੇ ਸਰਬਪ੍ਰਵਾਨਿਤ ਪੰਥਕ ਮਾਪਦੰਡ ਤੈਅ ਕਰਨ ਦੀ ਅਪੀਲ; ਮਰਿਆਦਾ ਭੰਗ ਕਰਨ ਵਾਲੇ ਰਾਗੀ ਜਥਿਆਂ 'ਤੇ ਅਨੁਸ਼ਾਸਨੀ ਕਾਰਵਾਈ ਦੀ ਮੰਗ



ਨਵੀਂ ਦਿੱਲੀ 10 ਨਵੰਬਰ (ਮਨਪ੍ਰੀਤ ਸਿੰਘ ਖਾਲਸਾ): ਗੁਰਬਾਣੀ ਗਾਇਨ ਦੀ ਪਵਿੱਤਰਤਾ ਅਤੇ ਕੀਰਤਨ ਦੀ ਮਰਿਆਦਾ ਨੂੰ ਬਰਕਰਾਰ ਰੱਖਣ ਲਈ ਹਰਜੋਤ ਸ਼ਾਹ ਸਿੰਘ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਾਹਿਬ ਨੂੰ ਪੱਤਰ ਭੇਜ ਕੇ ਇਸ ਗੰਭੀਰ ਮਸਲੇ 'ਤੇ ਤੁਰੰਤ ਪੰਥਕ ਦਖ਼ਲ ਦੀ ਮੰਗ ਕੀਤੀ ਹੈ। ਉਨ੍ਹਾਂ ਕਿਹਾ ਕਿ ਪਿਛਲੇ ਕੁਝ ਸਮੇਂ ਤੋਂ ਸੋਸ਼ਲ ਮੀਡੀਆ 'ਤੇ ਕੁਝ ਰਾਗੀ ਜਥਿਆਂ ਵੱਲੋਂ ਗੁਰਬਾਣੀ ਦੀਆਂ ਪਾਵਨ ਤੁਕਾਂ ਨੂੰ ਫ਼ਿਲਮੀ ਅਤੇ ਹੋਰ ਗੀਤਾਂ ਦੀਆਂ ਧੁਨਾਂ ਉੱਤੇ ਗਾਉਣ, ਵੱਖ-ਵੱਖ ਸ਼ਬਦਾਂ ਦੀਆਂ ਤੁਕਾਂ ਨੂੰ ਆਪਣੀ ਮਰਜ਼ੀ ਨਾਲ ਜੋੜ ਕੇ ਪੇਸ਼ ਕਰਨ ਅਤੇ ਗੁਰੂ ਘਰ ਦੀ ਪਵਿੱਤਰ ਸਟੇਜ ਨੂੰ ਨਿੱਜੀ ਪ੍ਰਸਿੱਧੀ ਤੇ ਰੀਲਾਂ ਬਣਾਉਣ ਦਾ ਮਾਧਿਅਮ ਬਣਾਉਣ ਦੇ ਮਾਮਲੇ ਸਾਹਮਣੇ ਆ ਰਹੇ ਹਨ, ਜੋ ਸਮੁੱਚੀ ਸਿੱਖ ਸੰਗਤ ਲਈ ਗੰਭੀਰ ਚਿੰਤਾ ਦਾ ਵਿਸ਼ਾ ਹਨ। ਉਨ੍ਹਾਂ ਜ਼ੋਰ ਦਿੱਤਾ ਕਿ ਗੁਰਬਾਣੀ ਕੋਈ ਆਮ ਸੰਗੀਤਕ ਰਚਨਾ ਨਹੀਂ, ਸਗੋਂ ਗੁਰੂ ਸਾਹਿਬ ਦੀ ਪਾਵਨ ਬਾਣੀ ਹੈ, ਜਿਸ ਦਾ ਗਾਇਨ ਸ਼ੁੱਧ ਉਚਾਰਨ, ਸ਼ਬਦ ਦੀ ਸੰਪੂਰਨਤਾ, ਅਰਥਾਂ ਦੀ ਸਮਝ ਅਤੇ ਗੁਰਮਤਿ ਮਰਿਆਦਾ ਅਨੁਸਾਰ ਹੋਣਾ ਚਾਹੀਦਾ ਹੈ। ਗੁਰੂ ਸਾਹਿਬ ਦੇ ਪਾਵਨ ਫ਼ਰਮਾਨ 'ਗਾਵੀਐ ਸੁਣੀਐ ਮਨਿ ਰਖੀਐ ਭਾਉ' ਦੀ ਭਾਵਨਾ ਨੂੰ ਯਾਦ ਕਰਵਾਉਂਦਿਆਂ ਉਨ੍ਹਾਂ ਕਿਹਾ ਕਿ ਗੁਰਬਾਣੀ ਦੇ ਆਤਮਿਕ ਸੰਦੇਸ਼ ਨਾਲੋਂ ਉਸ ਦੀ ਸੰਗੀਤਕ ਪੇਸ਼ਕਾਰੀ ਅਤੇ ਲੋਕਪ੍ਰਿਯਤਾ ਨੂੰ ਵਧੇਰੇ ਮਹੱਤਵ ਦੇਣਾ ਚਿੰਤਾਜਨਕ ਰੁਝਾਨ ਹੈ। ਸਰਦਾਰ ਹਰਜੋਤ ਸ਼ਾਹ ਸਿੰਘ ਨੇ ਜਥੇਦਾਰ ਸਾਹਿਬ ਤੋਂ ਮੰਗ ਕੀਤੀ ਕਿ ਗੁਰਬਾਣੀ ਗਾਇਨ ਸਬੰਧੀ ਇੱਕ ਸਰਬਪ੍ਰਵਾਨਿਤ ਪੰਥਕ ਮਾਪਦੰਡ ਤੈਅ ਕੀਤਾ ਜਾਵੇ, ਜਿਸ ਵਿੱਚ ਸ਼ਬਦ ਦੀ ਸੰਪੂਰਨਤਾ, ਸ਼ੁੱਧ ਉਚਾਰਨ, ਰਾਗ ਅਤੇ ਗਾਇਨ ਦੀ ਮਰਿਆਦਾ ਬਾਰੇ ਸਪੱਸ਼ਟ ਦਿਸ਼ਾ-ਨਿਰਦੇਸ਼ ਹੋਣ। ਫ਼ਿਲਮੀ ਧੁਨਾਂ ਉੱਤੇ ਗੁਰਬਾਣੀ ਗਾਉਣ, ਵੱਖ-ਵੱਖ ਸ਼ਬਦਾਂ ਦੀਆਂ ਤੁਕਾਂ ਨੂੰ ਮਨਮਰਜ਼ੀ ਨਾਲ ਜੋੜਨ ਅਤੇ ਗੁਰੂ ਘਰ ਦੀ ਸਟੇਜ ਨੂੰ ਨਿੱਜੀ ਪ੍ਰਚਾਰ ਦਾ ਮੰਚ ਬਣਾਉਣ ਵਿਰੁੱਧ ਸਪੱਸ਼ਟ ਨਿਯਮ ਬਣਾਏ ਜਾਣ। ਵਾਰ-ਵਾਰ ਮਰਿਆਦਾ ਦੀ ਉਲੰਘਣਾ ਕਰਨ ਵਾਲੇ ਰਾਗੀ ਜਥਿਆਂ ਖ਼ਿਲਾਫ਼ ਗਲਤੀ ਦੀ ਗੰਭੀਰਤਾ ਅਨੁਸਾਰ ਦੋ, ਤਿੰਨ ਜਾਂ ਛੇ ਮਹੀਨੇ ਤੱਕ ਕੀਰਤਨ ਕਰਨ 'ਤੇ ਪਾਬੰਦੀ ਵਰਗੀ ਅਨੁਸ਼ਾਸਨੀ ਕਾਰਵਾਈ ਬਾਰੇ ਵੀ ਵਿਚਾਰ ਕੀਤਾ ਜਾਵੇ। ਉਨ੍ਹਾਂ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਦੀ ਜਵਾਬਦੇਹੀ ਨਿਰਧਾਰਤ ਕਰਨ, ਰਾਗੀ ਜਥਿਆਂ ਲਈ ਗੁਰਬਾਣੀ ਦੇ ਸ਼ੁੱਧ ਉਚਾਰਨ, ਅਰਥਾਂ ਅਤੇ ਕੀਰਤਨ ਮਰਿਆਦਾ ਸਬੰਧੀ ਸਿਖਲਾਈ ਦੇ ਪ੍ਰਬੰਧ ਕਰਨ ਅਤੇ ਪੰਥਕ ਸੰਸਥਾਵਾਂ ਤੇ ਵੱਖ-ਵੱਖ ਨਿਹੰਗ ਸਿੰਘ ਜਥੇਬੰਦੀਆਂ ਨੂੰ ਇਸ ਮਾਮਲੇ 'ਤੇ ਸਾਂਝੀ ਆਵਾਜ਼ ਉਠਾਉਣ ਦੀ ਅਪੀਲ ਵੀ ਕੀਤੀ। ਉਨ੍ਹਾਂ ਚਿੰਤਾ ਜਤਾਈ ਕਿ ਜੇਕਰ ਅੱਜ ਗੁਰਬਾਣੀ ਗਾਇਨ ਦੀ ਮਰਿਆਦਾ ਸਬੰਧੀ ਠੋਸ ਨਿਯਮ ਨਾ ਬਣਾਏ ਗਏ ਤਾਂ ਆਉਣ ਵਾਲੀ ਪੀੜ੍ਹੀ ਗੁਰਬਾਣੀ ਦੀਆਂ ਤੁਕਾਂ ਨੂੰ ਮਨਮਰਜ਼ੀ ਨਾਲ ਜੋੜ ਕੇ ਕਿਸੇ ਵੀ ਧੁਨ ਉੱਤੇ ਗਾਉਣ ਨੂੰ ਹੀ ਕੀਰਤਨ ਸਮਝਣ ਲੱਗ ਪਵੇਗੀ। ਉਨ੍ਹਾਂ ਸਪੱਸ਼ਟ ਕੀਤਾ ਕਿ ਇਹ ਮੰਗ ਕਿਸੇ ਰਾਗੀ ਸਾਹਿਬਾਨ ਦਾ ਵਿਰੋਧ ਨਹੀਂ, ਸਗੋਂ ਗੁਰਬਾਣੀ ਦੀ ਪਵਿੱਤਰਤਾ ਅਤੇ ਗੁਰੂ ਘਰ ਦੇ ਸਤਿਕਾਰ ਦੀ ਰਾਖੀ ਲਈ ਹੈ। ਅੰਤ ਵਿੱਚ ਉਨ੍ਹਾਂ ਜਥੇਦਾਰ ਸਾਹਿਬ ਨੂੰ ਉੱਚ ਪੱਧਰੀ ਪੰਥਕ ਕਮੇਟੀ ਗਠਿਤ ਕਰਕੇ ਇਸ ਮਾਮਲੇ ਦੇ ਸਾਰੇ ਪਹਿਲੂਆਂ 'ਤੇ ਵਿਚਾਰ ਕਰਨ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਮੁੱਚੇ ਪੰਥ ਲਈ ਸਪੱਸ਼ਟ ਦਿਸ਼ਾ-ਨਿਰਦੇਸ਼ ਜਾਰੀ ਕਰਨ ਦੀ ਅਪੀਲ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

ਦਾਦੀ ਮਾਤਾ ਚਰਨ ਕੌਰ ਦੇ ਦੇਹਾਂਤ ਮਗਰੋਂ ਅੰਮ੍ਰਿਤਪਾਲ ਸਿੰਘ ਸਮੇਤ ਤਿੰਨ ਪਰਿਵਾਰਕ ਮੈਂਬਰਾਂ ਦੀ ਪੈਰੋਲ ਲਈ ਅਦਾਲਤ ਦਾ ਰੁਖ਼

ਪਰਿਵਾਰ ਨੇ ਤਿੰਨ ਦਿਨਾਂ ਲਈ ਰੋਕਿਆ ਸਸਕਾਰ





ਅੰਮ੍ਰਿਤਸਰ/ਜੱਲੂਪੁਰ ਖੇੜਾ, 10 ਨਵੰਬਰ (ਆਵਾਜ਼ਿ ਕੌਮ ਬਿਊਰੋ)-ਖਡੂਰ ਸਾਹਿਬ ਲੋਕ ਸਭਾ ਹਲਕੇ ਤੋਂ ਸੰਸਦ ਮੈਂਬਰ ਅਤੇ 'ਵਾਰਿਸ ਪੰਜਾਬ ਦੇ' ਜਥੇਬੰਦੀ ਦੇ ਮੁਖੀ ਅੰਮ੍ਰਿਤਪਾਲ ਸਿੰਘ ਦੇ ਪਰਿਵਾਰ 'ਤੇ ਉਸ ਸਮੇਂ ਦੁੱਖਾਂ ਦਾ ਪਹਾੜ ਟੁੱਟ ਪਿਆ, ਜਦੋਂ ਉਨ੍ਹਾਂ ਦੀ 84 ਸਾਲਾ ਦਾਦੀ ਮਾਤਾ ਚਰਨ ਕੌਰ ਦਾ ਬੀਤੀ 8 ਨਵੰਬਰ ਨੂੰ ਦੇਹਾਂਤ ਹੋ ਗਿਆ। ਪਿਛਲੇ ਕਈ ਮਹੀਨਿਆਂ ਤੋਂ ਬਿਮਾਰ ਚੱਲ ਰਹੇ ਮਾਤਾ ਚਰਨ ਕੌਰ ਦੇ ਅਕਾਲ ਚਲਾਣੇ ਤੋਂ ਬਾਅਦ ਪਰਿਵਾਰ ਵੱਲੋਂ ਅੰਮ੍ਰਿਤਪਾਲ ਸਿੰਘ ਸਮੇਤ ਜੇਲ੍ਹ ਵਿੱਚ ਬੰਦ ਹੋਰ ਪਰਿਵਾਰਕ ਮੈਂਬਰਾਂ ਨੂੰ ਅੰਤਿਮ ਸੰਸਕਾਰ ਵਿੱਚ ਸ਼ਾਮਲ ਕਰਵਾਉਣ ਲਈ ਕਾਨੂੰਨੀ ਯਤਨ ਤੇਜ਼ ਕਰ ਦਿੱਤੇ ਗਏ ਹਨ। ਮਾਤਾ ਚਰਨ ਕੌਰ ਦੇ ਅੰਤਿਮ ਦਰਸ਼ਨਾਂ ਅਤੇ ਅੰਤਿਮ ਰਸਮਾਂ ਵਿੱਚ ਸ਼ਾਮਲ ਹੋਣ ਲਈ ਅੰਮ੍ਰਿਤਪਾਲ ਸਿੰਘ, ਉਨ੍ਹਾਂ ਦੇ ਚਾਚਾ ਹਰਜੀਤ ਸਿੰਘ ਅਤੇ ਪਰਿਵਾਰਕ ਮੈਂਬਰ ਸੁਖਮਨਪ੍ਰੀਤ ਸਿੰਘ ਦੀ ਅਸਥਾਈ ਰਿਹਾਈ ਦੀ ਮੰਗ ਕੀਤੀ ਗਈ ਹੈ। ਇਸ ਸਬੰਧੀ ਵਕੀਲਾਂ ਵੱਲੋਂ ਅੰਮ੍ਰਿਤਸਰ ਦੀ ਅਦਾਲਤ ਵਿੱਚ ਪੈਰੋਲ ਅਤੇ ਅੰਤਰਿਮ ਰਾਹਤ ਲਈ ਅਰਜ਼ੀ ਦਾਇਰ ਕੀਤੇ ਜਾਣ ਦੀ ਜਾਣਕਾਰੀ ਸਾਹਮਣੇ ਆਈ ਹੈ।

10 ਤੋਂ 12 ਦਿਨਾਂ ਦੀ ਅਸਥਾਈ ਰਿਹਾਈ ਦੀ ਮੰਗ; ਪੰਜਾਬ ਸਰਕਾਰ ਵੱਲੋਂ ਵੀ ਪੈਰੋਲ ਦੇਣ ਬਾਰੇ ਵਿਚਾਰ ਕੀਤੇ ਜਾਣ ਦੀਆਂ ਰਿਪੋਰਟਾਂ, ਅਦਾਲਤੀ ਫੈਸਲੇ ਦੀ ਉਡੀਕ

ਅੰਤਿਮ ਸੰਸਕਾਰ ਲਈ ਪਰਿਵਾਰ ਵੱਲੋਂ ਉਡੀਕ ਦਾ ਫੈਸਲਾ-ਪਰਿਵਾਰਕ ਸੂਤਰਾਂ ਅਨੁਸਾਰ ਮਾਤਾ ਚਰਨ ਕੌਰ ਪਿਛਲੇ ਤਿੰਨ ਮਹੀਨਿਆਂ ਤੋਂ ਸਿਹਤ ਸਬੰਧੀ ਸਮੱਸਿਆਵਾਂ ਨਾਲ ਜੂਝ ਰਹੇ ਸਨ ਅਤੇ ਇਸ ਦੌਰਾਨ ਉਨ੍ਹਾਂ ਨੂੰ ਦੋ ਵਾਰ ਹਸਪਤਾਲ ਵਿੱਚ ਵੀ ਦਾਖ਼ਲ ਕਰਵਾਉਣਾ ਪਿਆ ਸੀ। ਉਨ੍ਹਾਂ ਦੇ ਦੇਹਾਂਤ ਤੋਂ ਬਾਅਦ ਪਰਿਵਾਰ ਨੇ ਫੈਸਲਾ ਕੀਤਾ ਕਿ ਅੰਮ੍ਰਿਤਪਾਲ ਸਿੰਘ ਅਤੇ ਹੋਰ ਜੇਲ੍ਹ ਵਿੱਚ ਬੰਦ ਪਰਿਵਾਰਕ ਮੈਂਬਰਾਂ ਦੀ ਹਾਜ਼ਰੀ ਯਕੀਨੀ ਬਣਾਉਣ ਲਈ ਅੰਤਿਮ ਸੰਸਕਾਰ ਕੁਝ ਸਮੇਂ ਲਈ ਮੁਲਤਵੀ ਕੀਤਾ ਜਾਵੇ। ਅੰਮ੍ਰਿਤਪਾਲ ਸਿੰਘ ਦੇ ਪਿਤਾ ਤਰਸੇਮ ਸਿੰਘ ਵੱਲੋਂ ਵੀ ਪਰਿਵਾਰ ਦੀ ਇਸ ਇੱਛਾ ਅਤੇ ਸਰਕਾਰ ਦੇ ਜਵਾਬ ਦੀ ਉਡੀਕ ਕੀਤੇ ਜਾਣ ਦੀ ਗੱਲ ਸਾਹਮਣੇ ਆਈ ਹੈ। ਪਰਿਵਾਰ ਵੱਲੋਂ ਮਾਤਾ ਚਰਨ ਕੌਰ ਦੀ ਮ੍ਰਿਤਕ ਦੇਹ ਨੂੰ ਸਸਕਾਰ ਲਈ ਲਿਜਾਣ ਦੀ ਬਜਾਏ ਫਿਲਹਾਲ ਰੋਕ ਕੇ ਰੱਖਿਆ ਗਿਆ ਹੈ। ਰਿਪੋਰਟਾਂ ਮੁਤਾਬਕ ਸਸਕਾਰ ਤਿੰਨ ਦਿਨਾਂ ਲਈ ਮੁਲਤਵੀ ਕੀਤਾ ਗਿਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਵਕੀਲਾਂ ਨੇ ਅਦਾਲਤ ਵਿੱਚ ਰੱਖਿਆ ਮਾਨਵਤਾਵਾਦੀ ਆਧਾਰ-ਅੰਮ੍ਰਿਤਸਰ ਅਦਾਲਤ ਕੰਪਲੈਕਸ ਵਿੱਚ ਮੀਡੀਆ ਨਾਲ ਗੱਲਬਾਤ ਕਰਦਿਆਂ ਅੰਮ੍ਰਿਤਪਾਲ ਸਿੰਘ ਦੇ ਵਕੀਲਾਂ ਐਡਵੋਕੇਟ ਹਰਜੋਤ ਸਿੰਘ ਮਾਨ ਅਤੇ ਐਡਵੋਕੇਟ ਕਰਮਵੀਰ ਸਿੰਘ ਨੇ ਕਿਹਾ ਕਿ ਉਨ੍ਹਾਂ ਦੀ ਕਾਨੂੰਨੀ ਟੀਮ ਵੱਲੋਂ ਅਦਾਲਤ ਵਿੱਚ ਅਰਜ਼ੀ ਦਾਇਰ ਕਰਕੇ ਅੰਮ੍ਰਿਤਪਾਲ ਸਿੰਘ ਅਤੇ ਹੋਰ ਪਰਿਵਾਰਕ ਮੈਂਬਰਾਂ ਨੂੰ ਅੰਤਿਮ ਰਸਮਾਂ ਵਿੱਚ ਸ਼ਾਮਲ ਹੋਣ ਦੀ ਇਜਾਜ਼ਤ ਦੇਣ ਦੀ ਮੰਗ ਕੀਤੀ ਗਈ ਹੈ। ਵਕੀਲਾਂ ਦਾ ਕਹਿਣਾ ਸੀ ਕਿ ਮੌਤ ਅਤੇ ਸੋਗ ਨਾਲ ਜੁੜਿਆ ਇਹ ਮਾਮਲਾ ਮਾਨਵਤਾਵਾਦੀ ਆਧਾਰ 'ਤੇ ਵਿਚਾਰਿਆ ਜਾਣਾ ਚਾਹੀਦਾ ਹੈ। ਇਸ ਨੂੰ ਸਿਆਸੀ ਨਜ਼ਰੀਏ ਨਾਲ ਦੇਖਣ ਦੀ ਬਜਾਏ ਪਰਿਵਾਰਕ ਅਤੇ ਧਾਰਮਿਕ ਭਾਵਨਾਵਾਂ ਨੂੰ ਧਿਆਨ ਵਿੱਚ ਰੱਖਦਿਆਂ ਰਾਹਤ ਦਿੱਤੀ ਜਾਣੀ ਚਾਹੀਦੀ ਹੈ। ਕਾਨੂੰਨੀ ਅਰਜ਼ੀ ਵਿੱਚ 10 ਤੋਂ 12 ਦਿਨਾਂ ਦੀ ਅਸਥਾਈ ਰਿਹਾਈ ਦੀ ਮੰਗ ਕੀਤੇ ਜਾਣ ਦੀ ਵੀ ਰਿਪੋਰਟ ਹੈ, ਤਾਂ ਜੋ ਅੰਤਿਮ ਸੰਸਕਾਰ ਤੋਂ ਇਲਾਵਾ ਹੋਰ ਧਾਰਮਿਕ ਅਤੇ ਪਰਿਵਾਰਕ ਰਸਮਾਂ ਵਿੱਚ ਵੀ ਸ਼ਮੂਲੀਅਤ ਕੀਤੀ ਜਾ ਸਕੇ।

ਪੰਜਾਬ ਸਰਕਾਰ ਦੇ ਰੁੱਖ ਬਾਰੇ ਵੀ ਚਰਚਾ-ਇਸ ਮਾਮਲੇ ਵਿੱਚ ਪੰਜਾਬ ਸਰਕਾਰ ਦੇ ਰੁਖ਼ ਨੂੰ ਲੈ ਕੇ ਵੀ ਕਾਫ਼ੀ ਚਰਚਾ ਹੈ। ਮੀਡੀਆ ਰਿਪੋਰਟਾਂ ਅਨੁਸਾਰ ਸਰਕਾਰ ਵੱਲੋਂ ਅੰਮ੍ਰਿਤਪਾਲ ਸਿੰਘ ਨੂੰ ਇੱਕ-ਦੋ ਦਿਨ ਦੀ ਪੈਰੋਲ ਦੇਣ ਬਾਰੇ ਵਿਚਾਰ ਕੀਤੇ ਜਾਣ ਦੀ ਜਾਣਕਾਰੀ ਸਾਹਮਣੇ ਆਈ ਹੈ। ਹਾਲਾਂਕਿ, ਇਸ ਸਬੰਧੀ ਸਰਕਾਰ ਵੱਲੋਂ ਅਧਿਕਾਰਤ ਹੁਕਮ ਜਾਂ ਅਦਾਲਤ ਵੱਲੋਂ ਪੈਰੋਲ ਮਨਜ਼ੂਰ ਕੀਤੇ ਜਾਣ ਦੀ ਪੁਸ਼ਟੀ ਨਹੀਂ ਹੋਈ। ਪੈਰੋਲ ਦੀ ਮਿਆਦ ਅਤੇ ਸ਼ਰਤਾਂ ਬਾਰੇ ਅੰਤਿਮ ਫੈਸਲਾ ਸਮਰੱਥ ਅਦਾਲਤ ਅਤੇ ਸਬੰਧਤ ਅਧਿਕਾਰੀਆਂ ਦੀ ਕਾਰਵਾਈ ਤੋਂ ਬਾਅਦ ਹੀ ਸਪੱਸ਼ਟ ਹੋਵੇਗਾ। ਸੁਰੱਖਿਆ ਪ੍ਰਬੰਧਾਂ ਅਤੇ ਕਾਨੂੰਨੀ ਪੱਖਾਂ ਨੂੰ ਧਿਆਨ ਵਿੱਚ ਰੱਖਦਿਆਂ ਅਦਾਲਤ ਵੱਲੋਂ ਇਸ ਮਾਮਲੇ 'ਤੇ ਫੈਸਲਾ ਲਿਆ ਜਾਣਾ ਹੈ।

ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਹਨ ਅੰਮ੍ਰਿਤਪਾਲ ਸਿੰਘ-ਜ਼ਿਕਰਯੋਗ ਹੈ ਕਿ ਅੰਮ੍ਰਿਤਪਾਲ ਸਿੰਘ ਅਪ੍ਰੈਲ 2023 ਤੋਂ ਅਸਾਮ ਦੀ ਡਿਬਰੂਗੜ੍ਹ ਕੇਂਦਰੀ ਜੇਲ੍ਹ ਵਿੱਚ ਬੰਦ ਹਨ। ਉਨ੍ਹਾਂ ਨੂੰ ਰਾਸ਼ਟਰੀ ਸੁਰੱਖਿਆ ਕਾਨੂੰਨ ਤਹਿਤ ਨਜ਼ਰਬੰਦ ਕੀਤਾ ਗਿਆ ਸੀ। ਇਸੇ ਦੌਰਾਨ ਉਨ੍ਹਾਂ ਦੇ ਚਾਚਾ ਹਰਜੀਤ ਸਿੰਘ ਅਤੇ ਇੱਕ ਹੋਰ ਪਰਿਵਾਰਕ ਮੈਂਬਰ ਸੁਖਮਨਪ੍ਰੀਤ ਸਿੰਘ ਵੀ ਜੇਲ੍ਹ ਵਿੱਚ ਬੰਦ ਹਨ। ਮਾਤਾ ਚਰਨ ਕੌਰ ਦੀ ਸਿਹਤ ਨਾਜ਼ੁਕ ਹੋਣ ਕਾਰਨ ਕੁਝ ਸਮਾਂ ਪਹਿਲਾਂ ਪਰਿਵਾਰ ਵੱਲੋਂ ਅੰਮ੍ਰਿਤਪਾਲ ਸਿੰਘ ਨੂੰ ਉਨ੍ਹਾਂ ਨਾਲ ਗੱਲਬਾਤ ਕਰਵਾਉਣ ਦੀ ਮੰਗ ਵੀ ਕੀਤੀ ਗਈ ਸੀ। ਅਦਾਲਤ ਦੇ ਹੁਕਮਾਂ ਤੋਂ ਬਾਅਦ 7 ਅਕਤੂਬਰ ਨੂੰ ਉਨ੍ਹਾਂ ਦੀ ਦਾਦੀ ਨਾਲ ਲਗਭਗ 10 ਮਿੰਟ ਦੀ ਵੀਡੀਓ ਕਾਲ ਰਾਹੀਂ ਗੱਲਬਾਤ ਕਰਵਾਈ ਗਈ ਸੀ। ਇਸ ਤੋਂ ਪਹਿਲਾਂ ਅੰਮ੍ਰਿਤਪਾਲ ਸਿੰਘ ਨੂੰ 2024 ਦੀਆਂ ਲੋਕ ਸਭਾ ਚੋਣਾਂ ਜਿੱਤਣ ਤੋਂ ਬਾਅਦ ਸੰਸਦ ਮੈਂਬਰ ਵਜੋਂ ਸਹੁੰ ਚੁੱਕਣ ਲਈ ਵੀ ਸੀਮਤ ਸਮੇਂ ਦੀ ਕਸਟਡੀ ਪੈਰੋਲ ਦਿੱਤੀ ਗਈ ਸੀ।

ਹੁਣ ਅਦਾਲਤੀ ਫੈਸਲੇ 'ਤੇ ਟਿਕੀਆਂ ਨਜ਼ਰਾਂ-ਮਾਤਾ ਚਰਨ ਕੌਰ ਦੇ ਅਕਾਲ ਚਲਾਣੇ ਤੋਂ ਬਾਅਦ ਪਰਿਵਾਰ ਵੱਲੋਂ ਕੀਤੀ ਜਾ ਰਹੀ ਕਾਨੂੰਨੀ ਚਾਰਾਜੋਈ ਨੇ ਇਸ ਮਾਮਲੇ ਨੂੰ ਮੁੜ ਚਰਚਾ ਵਿੱਚ ਲਿਆ ਦਿੱਤਾ ਹੈ। ਇੱਕ ਪਾਸੇ ਪਰਿਵਾਰ ਆਪਣੇ ਵਿਛੜੇ ਜੀਅ ਨੂੰ ਅੰਤਿਮ ਵਿਦਾਈ ਦੇਣ ਲਈ ਜੇਲ੍ਹ ਵਿੱਚ ਬੰਦ ਮੈਂਬਰਾਂ ਦੀ ਹਾਜ਼ਰੀ ਚਾਹੁੰਦਾ ਹੈ, ਦੂਜੇ ਪਾਸੇ ਸੁਰੱਖਿਆ ਅਤੇ ਕਾਨੂੰਨੀ ਪ੍ਰਕਿਰਿਆਵਾਂ ਨਾਲ ਜੁੜੇ ਪਹਿਲੂ ਵੀ ਇਸ ਮਾਮਲੇ ਵਿੱਚ ਅਹਿਮ ਹਨ। ਫਿਲਹਾਲ ਸਾਰਿਆਂ ਦੀਆਂ ਨਜ਼ਰਾਂ ਅੰਮ੍ਰਿਤਸਰ ਦੀ ਅਦਾਲਤ ਦੇ ਫੈਸਲੇ 'ਤੇ ਟਿਕੀਆਂ ਹੋਈਆਂ ਹਨ। ਅਦਾਲਤ ਵੱਲੋਂ ਪੈਰੋਲ ਸਬੰਧੀ ਕੀ ਫੈਸਲਾ ਲਿਆ ਜਾਂਦਾ ਹੈ ਅਤੇ ਅੰਮ੍ਰਿਤਪਾਲ ਸਿੰਘ ਸਮੇਤ ਹੋਰ ਪਰਿਵਾਰਕ ਮੈਂਬਰਾਂ ਨੂੰ ਅੰਤਿਮ ਰਸਮਾਂ ਵਿੱਚ ਸ਼ਾਮਲ ਹੋਣ ਦੀ ਇਜਾਜ਼ਤ ਮਿਲਦੀ ਹੈ ਜਾਂ ਨਹੀਂ, ਇਹ ਆਉਣ ਵਾਲੇ ਸਮੇਂ ਵਿੱਚ ਸਪੱਸ਼ਟ ਹੋਵੇਗਾ।

ਭਾਈ ਅੰਮ੍ਰਿਤਪਾਲ ਸਿੰਘ ਨੂੰ ਦਾਦੀ ਚਰਨ ਕੌਰ ਜੀ ਦੇ

ਅੰਤਿਮ ਸੰਸਕਾਰ ਵਿੱਚ ਸ਼ਾਮਿਲ ਹੋਣ ਲਈ ਦਿੱਤੀ ਜਾਵੇ ਪੈਰੋਲ : ਜੋਧਬੀਰ ਸਿੰਘ



ਅੰਮ੍ਰਿਤਸਰ, 10 ਨਵੰਬਰ (ਆਵਾਜ਼ਿ ਕੌਮ ਬਿਊਰੋ)-ਖਡੂਰ ਸਾਹਿਬ ਤੋਂ ਮੈਂਬਰ ਪਾਰਲੀਮੈਂਟ ਅਤੇ ਅਕਾਲੀ ਦਲ (ਵਾਰਿਸ ਪੰਜਾਬ ਦੇ) ਦੇ ਆਗੂ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਦੇ ਦਾਦੀ ਮਾਤਾ ਚਰਨ ਕੌਰ ਜੀ ਦੇ ਬੀਤੇ ਦਿਨ ਹੋਏ ਅਕਾਲ ਚਲਾਣੇ ਤੋਂ ਬਾਅਦ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਨੂੰ ਅੰਤਿਮ ਸੰਸਕਾਰ ਵਿੱਚ ਸ਼ਾਮਲ ਹੋਣ ਲਈ ਪੈਰੋਲ ਦਿੱਤੀ ਜਾਵੇ ਇਨ੍ਹਾਂ ਸਬਦਾ ਦਾ ਪ੍ਰਗਟਾਵਾ ਅਕਾਲੀ ਦਲ (ਵਾਰਿਸ ਪੰਜਾਬ ਦੇ) ਆਗੂ ਅਤੇ ਪਿੰਡ ਜੱਲੂਪੁਰ ਖੈੜਾ ਤੋ ਮੈਂਬਰ ਪੰਚਾਇਤ ਸ੍ਰ ਜੋਧਬੀਰ ਸਿੰਘ ਨੇ ਪ੍ਰੈੱਸ ਨੋਟ ਰਾਹੀ ਜਾਣਕਾਰੀ ਦਿੰਦਿਆਂ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਨੂੰ ਉਨ੍ਹਾਂ ਦੀ ਦਾਦੀ ਮਾਤਾ ਚਰਨ ਕੌਰ ਜੀ ਦੇ ਅੰਤਿਮ ਸੰਸਕਾਰ ਵਿੱਚ ਸ਼ਾਮਲ ਹੋਣ ਦਾ ਮੌਕਾ ਦੇਣ ਲਈ ਕਾਨੂੰਨੀ ਪੱਖ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਸਿਰਫ਼ ਇੱਕ ਕਾਨੂੰਨੀ ਮਾਮਲਾ ਨਹੀਂ, ਸਗੋਂ ਇੱਕ ਪਰਿਵਾਰ ਲਈ ਬੇਹੱਦ ਦੁਖਦਾਈ ਅਤੇ ਭਾਵੁਕ ਪਲ ਹੈ। ਮਾਤਾ ਚਰਨ ਕੌਰ ਜੀ ਦੀ ਆਖ਼ਰੀ ਇੱਛਾ ਆਪਣੇ ਪੋਤਰੇ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਨੂੰ ਆਪਣੇ ਸਾਹਮਣੇ ਦੇਖਣ ਦੀ ਸੀ, ਪਰ ਅਫ਼ਸੋਸ ਕਿ ਉਨ੍ਹਾਂ ਦੀ ਇਹ ਇੱਛਾ ਪੂਰੀ ਨਾ ਹੋ ਸਕੀ। ਉਹਨਾਂ ਨੇ ਕਿਹਾ ਕਿ ਭਾਰਤ ਦਾ ਕਾਨੂੰਨੀ ਢਾਂਚਾ ਵੀ ਮਨੁੱਖੀ ਸੰਵੇਦਨਾਵਾਂ, ਪਰਿਵਾਰਕ ਹਾਲਾਤ ਅਤੇ ਅੰਤਿਮ ਰਸਮਾਂ ਵਰਗੀਆਂ ਅਸਾਧਾਰਣ ਸਥਿਤੀਆਂ ਨੂੰ ਧਿਆਨ ਵਿੱਚ ਰੱਖਦਾ ਹੈ। ਇਸ ਲਈ ਉਮੀਦ ਹੈ ਕਿ ਅਦਾਲਤ ਸਾਰੇ ਤੱਥਾਂ ਅਤੇ ਪਰਿਵਾਰ ਦੀਆਂ ਭਾਵਨਾਵਾਂ ਨੂੰ ਧਿਆਨ ਵਿੱਚ ਰੱਖਦਿਆਂ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਨੂੰ ਆਪਣੀ ਦਾਦੀ ਜੀ ਦੇ ਅੰਤਿਮ ਸੰਸਕਾਰ ਵਿੱਚ ਸ਼ਾਮਲ ਹੋਣ ਲਈ ਪੈਰੋਲ ਦੇਣ ਬਾਰੇ ਹਮਦਰਦੀਪੂਰਵਕ ਵਿਚਾਰ ਕਰੇਗੀ। ਜੋਧਬੀਰ ਸਿੰਘ ਹੁਣਾ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਤੋਂ ਇਲਾਵਾ ਚਾਚਾ ਹਰਜੀਤ ਸਿੰਘ ਅਤੇ ਸ੍ਰ. ਸੁਖਮਨਪ੍ਰੀਤ ਸਿੰਘ ਨੂੰ ਵੀ ਅੰਤਿਮ ਸੰਸਕਾਰ ਵਿੱਚ ਸ਼ਾਮਲ ਹੋਣ ਦਾ ਮੌਕਾ ਦਿੱਤਾ ਜਾਣਾ ਚਾਹੀਦਾ ਹੈ, ਤਾਂ ਜੋ ਪਰਿਵਾਰ ਆਪਣੇ ਵਿਛੜੇ ਹੋਏ ਜੀਅ ਨੂੰ ਅੰਤਿਮ ਵਿਦਾਇਗੀ ਦੇ ਸਕੇ। ਅਖੀਰ ਵਿਚ ਜੋਧਬੀਰ ਸਿੰਘ ਹੁਣਾ ਨੇ ਸਰਕਾਰ ਦੀ ਭੂਮਿਕਾ 'ਤੇ ਵੀ ਗੰਭੀਰ ਸਵਾਲ ਖੜ੍ਹੇ ਕਰਦਿਆਂ ਕਿਹਾ ਕਿ ਕਿਸੇ ਵੀ ਲੋਕਤੰਤਰਿਕ ਸਰਕਾਰ ਤੋਂ ਘੱਟੋ-ਘੱਟ ਇਹ ਉਮੀਦ ਕੀਤੀ ਜਾਂਦੀ ਹੈ ਕਿ ਉਹ ਦੁੱਖ ਦੀ ਇਸ ਘੜੀ ਵਿੱਚ ਮਨੁੱਖੀ ਸੰਵੇਦਨਾਵਾਂ ਨੂੰ ਪਹਿਲ ਦੇਵੇ। ਇੱਕ ਬਜ਼ੁਰਗ ਮਾਤਾ ਦੇ ਅਕਾਲ ਚਲਾਣੇ ਤੋਂ ਬਾਅਦ ਉਸ ਦੇ ਪੋਤਰੇ ਨੂੰ ਅੰਤਿਮ ਦਰਸ਼ਨ ਅਤੇ ਅੰਤਿਮ ਸੰਸਕਾਰ ਵਿੱਚ ਸ਼ਾਮਲ ਹੋਣ ਦਾ ਮੌਕਾ ਦੇਣ ਦੇ ਮਾਮਲੇ ਨੂੰ ਸਿਰਫ਼ ਸਿਆਸੀ ਨਜ਼ਰੀਏ ਨਾਲ ਨਹੀਂ ਦੇਖਿਆ ਜਾਣਾ ਚਾਹੀਦਾ। ਸਰਕਾਰ ਨੂੰ ਚਾਹੀਦਾ ਹੈ ਕਿ ਉਹ ਇਸ ਮਾਮਲੇ ਵਿੱਚ ਆਪਣਾ ਰਵੱਈਆ ਸਪੱਸ਼ਟ ਕਰੇ ਅਤੇ ਅਜਿਹਾ ਕੋਈ ਕਦਮ ਨਾ ਚੁੱਕੇ ਜਿਸ ਨਾਲ ਪਰਿਵਾਰ ਦੇ ਦੁੱਖ ਨੂੰ ਹੋਰ ਵਧੇਰੇ ਪੀੜਾ ਵਿੱਚ ਬਦਲਿਆ ਜਾਵੇ। ਮਾਤਾ ਚਰਨ ਕੌਰ ਜੀ ਦੀ ਆਖ਼ਰੀ ਇੱਛਾ ਪੂਰੀ ਨਾ ਹੋ ਸਕਣਾ ਪਰਿਵਾਰ ਲਈ ਪਹਿਲਾਂ ਹੀ ਇੱਕ ਵੱਡਾ ਸਦਮਾ ਹੈ। ਹੁਣ ਘੱਟੋ-ਘੱਟ ਉਨ੍ਹਾਂ ਦੇ ਅੰਤਿਮ ਸੰਸਕਾਰ ਸਮੇਂ ਪਰਿਵਾਰ ਨੂੰ ਆਪਣੇ ਪੁੱਤਰ ਅਤੇ ਪੋਤਰੇ ਦੀ ਹਾਜ਼ਰੀ ਤੋਂ ਵਾਂਝਾ ਨਾ ਕੀਤਾ ਜਾਵੇ। ਉਨ੍ਹਾਂ ਆਸ ਪ੍ਰਗਟਾਈ ਕਿ ਅਦਾਲਤ ਇਸ ਮਾਮਲੇ ਦੇ ਮਨੁੱਖੀ ਅਤੇ ਕਾਨੂੰਨੀ ਦੋਵਾਂ ਪੱਖਾਂ ਨੂੰ ਧਿਆਨ ਵਿੱਚ ਰੱਖਦਿਆਂ ਇਨਸਾਫ਼ਪੂਰਵਕ ਫ਼ੈਸਲਾ ਕਰੇਗੀ।

ਪਰਿਵਾਰ ਦੇ ਦੁੱਖ ਦੀ ਇਸ ਘੜੀ ਵਿੱਚ ਵੀ ਜੇਕਰ ਸਰਕਾਰ ਮਨੁੱਖੀ ਸੰਵੇਦਨਾਵਾਂ ਤੋਂ ਮੂੰਹ ਮੋੜਦੀ ਹੈ ਤਾਂ ਇਹ ਬੇਹੱਦ ਮੰਦਭਾਗੀ ਗੱਲ ਹੋਵੇਗੀ

ਆਵਾਜ਼ਿ ਕੌਮ AWAZE QAUM International Newspaper & WEB TV

ਐਸੀ ਵਿੰਗ ਸੈਲ ਪੰਜਾਬ ਦੇ ਜਨਰਲ ਸਕੱਤਰ ਬਲਜੀਤ ਸਿੰਘ ਸਰਾਂ ਦੇ ਸਤਿਕਾਰਯੋਗ ਮਾਤਾ ਜੀ ਦਾ ਭੋਗ ਅੱਜ



ਚੌਕ ਮਹਿਤਾ, 10 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-ਐਸੀ ਵਿੰਗ ਸੈਲ ਪੰਜਾਬ ਦੇ ਜਨਰਲ ਸਕੱਤਰ ਸ੍ਰ ਬਲਜੀਤ ਸਿੰਘ ਸਰਾਂ ਦੇ ਸਤਿਕਾਰਯੋਗ ਮਾਤਾ ਜੋਗਿੰਦਰ ਕੌਰ ਧਰਮ ਪਤਨੀ ਸਵਰਗ ਵਾਸੀ ਸ,ਸ਼ਿੰਗਾਰਾ ਸਿੰਘ ਸਰਾਂ ਪਿਛਲੇ ਦਿਨੀਂ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਜਾ ਬਿਰਾਜੇ ਸਨ । ਕੱਲ੍ਹ ਮਾਤਾ ਜੀ ਨਮਿੱਤ ਆਰੰਭ ਕੀਤੇ ਗਏ ਪਵਿੱਤਰ ਪਾਵਨ ਗੁਰਬਾਣੀ ਦੇ ਭੋਗ 11 ਨਵੰਬਰ 2026 ਦਿਨ ਬੁੱਧਵਾਰ ਨੂੰ ਉਨ੍ਹਾਂ ਦੇ ਗ੍ਰਹਿ ਵਿਖੇ 12 ਤੋਂ 1 ਤੱਕ ਪਾਏ ਜਾਣਗੇ। ਉਪਰੰਤ ਮਾਤਾ ਜੋਗਿੰਦਰ ਕੌਰ ਜੀ ਦੇ ਨਮਿੱਤ ਰਾਗੀ ਸਿੰਘ ਬੈਰਾਗਮਈ ਕੀਰਤਨ ਕਰਨਗੇ ਉਪਰੰਤ ਮਾਤਾ ਜੀ ਨੂੰ ਸਰਧਾ ਦੇ ਫੁੱਲ ਭੇਟ ਕੀਤੇ ਜਾਣਗੇ। ਇਸ ਸ਼ਰਧਾਂਜਲੀ ਸਮਾਗਮ ਵਿੱਚ ਰਾਜਨੀਤਕ ਪਾਰਟੀਆਂ, ਧਾਰਮਿਕ, ਅਤੇ ਹੋਰ ਵੀ ਜਥੇਬੰਦੀਆਂ ਮਾਤਾ ਨੂੰ ਸਰਧਾ ਦੇ ਫੁੱਲ ਭੇਟ ਕਰਨਗੀਆਂ। ਇਸ ਮੌਕੇ ਤੇ ਮਾਤਾ ਦੇ ਸਪੁੱਤਰ ਸ੍ਰ ਬਲਜੀਤ ਸਿੰਘ ਸਰਾਂ ਵੱਲੋਂ ਰਿਸ਼ਤੇਦਾਰ,ਭੈਣ, ਭਰਾਵਾਂ, ਸੱਜਣਾ ਮਿੱਤਰਾਂ ਨੂੰ ਬੇਨਤੀ ਹੈ ਕਿ ਸਮੇਂ ਦੇ ਨਾਲ ਪਾਹੁੰਚਕੇ ਮਾਤਾ ਜੀ ਨੂੰ ਸਰਧਾ ਦੇ ਫੁੱਲ ਭੇਟ ਕਰਨਗੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

ਪ੍ਰੈਸ ਮਿਲਣੀ ਦੌਰਾਨ ਸੀਨੀਅਰ ਪੱਤਰਕਾਰਾਂ ਨੂੰ ਬਣਾਇਆ ਗਿਆ ਮੂਕ ਦਰਸ਼ਕ, ਪਾਰਟੀ ਆਗੂਆਂ ਨੇ ਛੱਡੇ ਸਿਆਸੀ ਤੀਰ



ਜੰਡਿਆਲਾ ਗੁਰੂ, 10 ਨਵੰਬਰ (ਪੱਤਰ ਪ੍ਰੇਰਕ)-ਅਕਾਲੀ ਦਲ ਵਾਰਿਸ ਪੰਜਾਬ' ਵੱਲੋਂ 6 ਨਵੰਬਰ ਨੂੰ ਸੱਦੀ ਗਈ ਇੱਕ ਪ੍ਰੈਸ ਮਿਲਣੀ ਉਸ ਸਮੇਂ ਸਿਆਸੀ ਰੈਲੀ ਦਾ ਰੂਪ ਧਾਰਨ ਕਰ ਗਈ, ਜਦੋਂ ਪਾਰਟੀ ਆਗੂਆਂ ਅਤੇ ਵਰਕਰਾਂ ਵੱਲੋਂ ਪੱਤਰਕਾਰਾਂ ਦੇ ਸਵਾਲ-ਜਵਾਬ ਲੈਣ ਦੀ ਬਜਾਏ ਸਿਰਫ਼ ਆਪਣੀ ਅਤੇ ਪਾਰਟੀ ਦੀ ਸੋਚ ਦਾ ਪ੍ਰਚਾਰ ਕਰਨ ਨੂੰ ਹੀ ਤਰਜੀਹ ਦਿੱਤੀ ਗਈ ਅਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਪ੍ਰਚਾਰ ਕੀਤਾ ਗਿਆ । ਇਸ ਦੌਰਾਨ ਮੌਜੂਦ ਕਈ ਸੀਨੀਅਰ ਪੱਤਰਕਾਰਾਂ ਨੂੰ ਕੇਵਲ ਮੂਕ ਦਰਸ਼ਕ ਬਣ ਕੇ ਹੀ ਬੈਠਣਾ ਪਿਆ ।ਮਿਲੀ ਜਾਣਕਾਰੀ ਅਨੁਸਾਰ ਇਹ ਪ੍ਰੈਸ ਮਿਲਣੀ ਵਿਸ਼ੇਸ਼ ਤੌਰ 'ਤੇ ਪੱਤਰਕਾਰਾਂ ਨਾਲ ਵਿਚਾਰ-ਵਟਾਂਦਰਾ ਕਰਨ ਅਤੇ ਆਪਸੀ ਗੱਲਾਂਬਾਤਾਂ ਨੂੰ ਇੱਕ-ਦੂਜੇ ਦੇ ਸਾਹਮਣੇ ਰੱਖਣ ਲਈ ਰੱਖੀ ਗਈ ਸੀ ਕਿਉਂਕਿ ਪਾਰਟੀ ਵਲੋ ਭੇਜਿਆ ਗਿਆ ਹਲਕਾ ਇੰਚਾਰਜ ਵੀ ਨਵਾਂ ਚਿਹਰਾ ਸੀ ਅਤੇ ਪ੍ਰੈਸ ਮਿਲਣੀ ਦੌਰਾਨ ਜਾਣ ਪਹਿਚਾਣ ਵੀ ਜਰੂਰੀ ਸੀ ਪਰ ਪ੍ਰੋਗਰਾਮ ਸ਼ੁਰੂ ਹੁੰਦਿਆਂ ਹੀ ਅਕਾਲੀ ਦਲ ਵਾਰਿਸ ਪੰਜਾਬ ਦੇ ਹਲਕਾ ਇੰਚਾਰਜ ਦਿਲਸ਼ੇਰ ਸਿੰਘ ਅਤੇ ਬੀਬੀ ਪਰਮਜੀਤ ਕੌਰ ਰਈਆ ਸਮੇਤ ਵੱਡੀ ਗਿਣਤੀ ਵਿੱਚ ਪਹੁੰਚੇ ਪਾਰਟੀ ਵਰਕਰਾਂ ਅਤੇ ਅਹੁਦੇਦਾਰਾਂ ਨੇ ਇਸ ਮਿਲਣੀ ਦਾ ਰੁਖ਼ ਬਦਲ ਦਿੱਤਾ ।ਪ੍ਰੈਸ ਮਿਲਣੀ ਦੇ ਅਸਲ ਮਕਸਦ ਨੂੰ ਪਾਸੇ ਰੱਖਦਿਆਂ, ਆਗੂਆਂ ਵੱਲੋਂ ਸਟੇਜ ਤੋਂ ਆਪਣੀ ਪਾਰਟੀ ਦੇ ਪ੍ਰਚਾਰ ਅਤੇ ਸਿਆਸੀ ਸੋਚ ਨੂੰ ਪ੍ਰਮੋਟ ਕਰਨਾ ਸ਼ੁਰੂ ਕਰ ਦਿੱਤਾ ਗਿਆ, ਜਿਸ ਕਾਰਨ ਇਹ ਪ੍ਰੈਸ ਕਾਨਫਰੰਸ ਘੱਟ ਅਤੇ ਇੱਕ ਸਿਆਸੀ ਰੈਲੀ ਜ਼ਿਆਦਾ ਨਜ਼ਰ ਆਉਣ ਲੱਗੀ ।ਉੱਥੇ ਮੌਜੂਦ ਪੱਤਰਕਾਰ ਭਾਈਚਾਰੇ ਅਤੇ ਖ਼ਾਸ ਕਰਕੇ ਸੀਨੀਅਰ ਪੱਤਰਕਾਰਾਂ ਵਿੱਚ ਇਸ ਗੱਲ ਨੂੰ ਲੈ ਕੇ ਭਾਰੀ ਨਿਰਾਸ਼ਾ ਦੇਖਣ ਨੂੰ ਮਿਲੀ ਕਿ ਜਿਸ ਮੰਚ 'ਤੇ ਮੀਡੀਆ ਨਾਲ ਸਵਾਲ-ਜਵਾਬ ਅਤੇ ਸਾਰਥਕ ਚਰਚਾ ਹੋਣੀ ਚਾਹੀਦੀ ਸੀ, ਉੱਥੇ ਪੱਤਰਕਾਰਾਂ ਨੂੰ ਕੇਵਲ ਸੁਣਨ ਵਾਲੇ ਸਰੋਤਿਆਂ (ਮੂਕ ਦਰਸ਼ਕਾਂ) ਵਜੋਂ ਹੀ ਵਰਤਿਆ ਗਿਆ। ਇਸ ਘਟਨਾ ਤੋਂ ਬਾਅਦ ਮੀਡੀਆ ਹਲਕਿਆਂ ਵਿੱਚ ਪਾਰਟੀ ਦੇ ਇਸ ਵਤੀਰੇ ਪ੍ਰਤੀ ਚਰਚਾ ਛਿੜ ਗਈ ਹੈ ।ਇੱਥੇ ਇਹ ਦੱਸਣਯੋਗ ਹੈ ਕਿ ਇਸ ਤੋਂ ਦੋ ਦਿਨ ਪਹਿਲਾਂ ਹੀ ਬਾਬਾ ਬਿਬੇਕ ਸਿੰਘ ਜੀ, ਮੁੱਖ ਸੇਵਾਦਾਰ ਗੁਰਦੁਆਰਾ ਨਾਨਕਸਰ ਸਾਹਿਬ ਜੰਡਿਆਲਾ ਗੁਰੂ ਵੱਲੋਂ ਇਤਿਹਾਸ ਵਿੱਚ ਪਹਿਲੀ ਵਾਰ ਪੱਤਰਕਾਰਾਂ ਨੂੰ ਬੜੇ ਮਾਨ-ਸਤਿਕਾਰ ਨਾਲ ਸਨਮਾਨਿਤ ਕੀਤਾ ਗਿਆ ਸੀ ਅਤੇ ਇਸ ਮੌਕੇ ਧਾਰਮਿਕ ਵਿਚਾਰਾਂ ਵੀ ਸਾਂਝੀਆਂ ਕੀਤੀਆਂ ਗਈਆਂ ਸਨ। ਉਸ ਸਤਿਕਾਰਯੋਗ ਸਮਾਗਮ ਤੋਂ ਬਾਅਦ ਸ਼ਾਇਦ ਸਿਆਸੀ ਲਾਹਾ ਲੈਣ ਲਈ ਹੀ ਇਹ ਪ੍ਰੋਗਰਾਮ ਇੱਕ ਦਿਨ ਹਟ ਕੇ ਰੱਖਿਆ ਗਿਆ, ਪਰ ਉੱਥੇ ਜਿਵੇਂ ਕਿ ਦੱਸਿਆ ਗਿਆ ਹੈ ਪੱਤਰਕਾਰ ਮਿਲਣੀ ਨਹੀਂ, ਸਗੋਂ ਇੱਕ ਸਿਆਸੀ ਰੈਲੀ ਹੀ ਦੇਖਣ ਨੂੰ ਮਿਲ ਰਹੀ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਅਵਤਾਰ ਪੁਰਬ ਨੂੰ ਸਮਰਪਿਤ ਗੁਰਦੁਆਰਾ ਨਾਨਕਸਰ ਵਿਖੇ 19 ਨਵੰਬਰ ਨੂੰ ਲੋੜਵੰਦ ਬੇਟੀਆਂ ਦੇ ਅਨੰਦ ਕਾਰਜ ਕਰਵਾਏ ਜਾਣਗੇ

ਵਿਸੇਸ ਤੌਰ ਤੇ 19:ਨਵੰਬਰ ਨੂੰ ਅੱਖਾਂ ਦਾ ਮੁਫ਼ਤ ਚੈਕਅੱਪ ਕੈਂਪ ਵੀ ਲਗਾਇਆ ਜਾਵੇਗਾ: ਬਾਬਾ ਬਿਬੇਕ ਸਿੰਘ



ਜੰਡਿਆਲਾ ਗੁਰੂ 10 ਨਵੰਬਰ (ਕੁਲਵੰਤ ਸਿੰਘ ਵਿਰਦੀ)-ਪੰਜਾਬ ਗੁਰੂਆਂ ਪੀਰਾਂ ਦੀ ਧਰਤੀ ਕਰਕੇ ਜਾਣਿਆਂ ਜਾਂਦਾ ਹੈ ਕਿਉਂਕਿ ਇਸ ਧਰਤੀ ਨੂੰ ਗੁਰੂਆਂ ਪੀਰਾਂ ਦੇ ਚਰਨ ਪ੍ਰਛਨ ਦਾ ਸੁਭਾਗ ਪ੍ਰਾਪਤ ਹੋਇਆ ਹੈ ਅਤੇ ਇੱਥੋਂ ਦੇ ਜਮਪਲ ਅਤੇ ਇਸ ਧਰਤੀ ਤੇ ਆਉਣ ਵਾਲੇ ਹਰੇਕ ਪ੍ਰਾਣੀ ਨੂੰ ਸੇਵਾ ਦਾ ਮੌਕਾ ਪ੍ਰਾਪਤ ਹੁੰਦਾ ਹੈ ਅਤੇ ਜੋ ਸੇਵਾ ਵੱਖ-ਵੱਖ ਤਰੀਕਿਆਂ ਨਾਲ ਕੀਤੀ ਜਾਂਦੀ ਹੈ ਜਿਸ ਵਿੱਚ ਲੋੜਵੰਦ ਪ੍ਰੀਵਾਰਾਂ ਦੇ ਘਰ ,ਬੱਚੀਆਂ ਦੇ ਵਿਆਹ ਆਨੰਦ ਕਾਰਜ,ਰਾਸਨ, ਡਾਕਟਰੀ ਇਲਾਜ ਅਤੇ ਹੋਰ ਆਦਿ ਹਰ ਪੱਖੋਂ ਲੋੜਵੰਦ ਪ੍ਰੀਵਾਰਾਂ ਦੀ ਮਦਦ ਕਰਕੇ ਲਾਹਾ ਪ੍ਰਾਪਤ ਕੀਤਾ ਜਾਂਦਾ ਹੈ ! ਜਿਸ ਦੇ ਚੱਲਦਿਆਂ ਗੁਰਦੁਆਰਾ ਨਾਨਕਸਰ ਸਾਹਿਬ, ਨਾਨਕਸਰ ਨਗਰ, ਜੰਡਿਆਲਾ ਗੁਰੂ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ਜੀ ਵੱਲੋਂ ਵੀ ਲੰਮੇ ਸਮੇਂ ਤੋਂ ਇਲਾਕੇ ਵਿੱਚ ਸੇਵਾਵਾਂ ਨਿਭਾਈਆਂ ਜਾ ਰਹੀਆਂ ਹਨ ਅਤੇ ਆਉਣ ਵਾਲੇ ਦਿਨਾਂ ਵਿੱਚ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਅਵਤਾਰ ਪੁਰਬ ਨੂੰ ਸਮਰਪਿਤ 19 ਨਵੰਬਰ 2026 ਨੂੰ ਵਿਸੇਸ ਧਾਰਮਿਕ ਸਮਾਗਮ ਕਰਵਾਇਆ ਜਾ ਰਿਹਾ ਹੈ ਜਿਸ ਵਿੱਚ ਵਿਸੇਸ ਤੌਰ ਤੇ ਅੱਖਾਂ ਦੰਦਾਂ ਦਾ ਮੁਫ਼ਤ ਚੈੱਕਅੱਪ ਕੈਂਪ ਲਗਾਇਆ ਜਾ ਰਿਹਾ ਹੈ । ਇਸ ਕੈਂਪ ਵਿੱਚ ਅੱਖਾਂ ਦੇ ਮਾਹਿਰ ਡਾਕਟਰ. ਸ਼ੌਕੀਨ ਸਿੰਘ ਅਤੇ ਦੰਦਾਂ ਦੇ ਮਾਹਿਰ ਡਾਕਟਰ ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਆਪਣੀ ਡਾਕਟਰਾਂ ਦੀ ਟੀਮ ਨਾਲ ਪਹੁੰਚ ਕਿ ਚੈਕਅੱਪ ਕਰਨਗੇ ਅਤੇ ਆਧੁਨਿਕ ਮਸ਼ੀਨਾਂ ਨਾਲ ਅੱਖਾਂ ਦੀ ਜਾਂਚ ਕੀਤੀ ਜਾਵੇਗੀ ਇਸ ਚੈਕਅੱਪ ਦੌਰਾਨ ਜਿਨ੍ਹਾਂ ਮਰੀਜ਼ਾਂ ਨੂੰ ਆਪ੍ਰੇਸ਼ਨ ਦੀ ਲੋੜ ਹੋਵੇਗੀ, ਉਨ੍ਹਾਂ ਮਰੀਜਾਂ ਦੇ ਮੁਫ਼ਤ ਆਪ੍ਰੇਸ਼ਨ ਕੀਤੇ ਜਾਣਗੇ ਅਤੇ ਫ੍ਰੀ ਵਿੱਚ ਲੈਂਜ ਵੀ ਪਾਏ ਜਾਣਗੇ ।ਇਨਾਂ ਸਮਾਗਮਾਂ ਦੀ ਹੋਰ ਜਾਣਕਾਰੀ ਸਾਂਝੀ ਕਰਦਿਆ ਹੋਇਆ ਬਾਬਾ ਬਿਬੇਕ ਸਿੰਘ ਜੀ ਨੇ ਅੱਗੇ ਦੱਸਿਆ ਕਿ ਇਸੇ ਦਿਨ 19 ਨਵੰਬਰ ਨੂੰ ਲੋੜਵੰਦ ਪਰਿਵਾਰਾਂ ਦੀਆਂ ਬੇਟੀਆਂ ਦੇ ਅਨੰਦ ਕਾਰਜ ਵੀ ਕਰਵਾਏ ਜਾਣਗੇ , ਜਿਸ ਵਿੱਚ ਨਵ-ਵਿਆਹੇ ਜੋੜਿਆਂ ਨੂੰ ਅਸ਼ੀਰਵਾਦ ਦੇਣ ਲਈ ਪ੍ਰਮੁੱਖ ਧਾਰਮਿਕ ਅਤੇ ਸਮਾਜਿਕ ਸ਼ਖ਼ਸੀਅਤਾਂ ਹਾਜਰੀਆਂ ਭਰਨਗੀਆਂ । ਅੱਗੇ ਬਾਬਾ ਬਿਬੇਕ ਸਿੰਘ ਜੀ ਨੇ ਸਮੂਹ ਸੰਗਤਾਂ ਅਤੇ ਇਲਾਕੇ ਦੀਆਂ ਸਮੂਹ ਸੰਗਤਾਂ ਨੂੰ ਬੇਨਤੀ ਕਰਦਿਆਂ ਹੋਇਆ ਕਿਹਾ ਕਿ ਇਨਾਂ ਮਹਾਨ ਕਾਰਜਾਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈ ਕਿ ਆਪਣਾ ਜੀਵਨ ਸਫਲ ਬਣਾਓ ਅਤੇ ਅੱਖਾਂ ਦੇ ਮਰੀਜਾਂ ਨੂੰ ਖਾਸ ਬੇਨਤੀ ਹੈ ਕਿ ਇਸ ਕੈਂਪ ਦਾ ਹਿਸਾ ਬਣਕਿ ਵੱਧ ਤੋਂ ਵੱਧ ਲਾਹਾ ਪ੍ਰਾਪਤ ਕਰੋ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਪੈਰਾ ਮੈਡੀਕਲ ਸਿਹਤ ਮੁਲਾਜ਼ਮ ਸੰਘਰਸ਼ ਕਮੇਟੀ ਦੀ ਸਿਹਤ ਮੰਤਰੀ ਨਾਲ ਹੋਈ ਪੈਨਲ ਮੀਟਿੰਗ

ਮੁਲਾਜ਼ਮ ਮੰਗਾਂ ਨੂੰ ਹੱਲ ਕਰਨ ਦਾ ਭਰੋਸਾ ਦਿਵਾਇਆ ਗਿਆ




ਫ਼ਿਰੋਜ਼ਪੁਰ, 10 ਨਵੰਬਰ (ਮਨੋਹਰ ਲਾਲ) :— ਪੈਰਾ ਮੈਡੀਕਲ ਸਿਹਤ ਮੁਲਾਜ਼ਮ ਸੰਘਰਸ਼ ਕਮੇਟੀ ਦੇ ਆਗੂਆਂ ਦੀ ਅੱਜ ਸਿਹਤ ਮੰਤਰੀ ਨਾਲ ਪੈਨਲ ਮੀਟਿੰਗ ਹੋਈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਜਥੇਬੰਦੀ ਦੇ ਆਗੂਆਂ ਨੇ ਦੱਸਿਆ ਕਿ ਮੀਟਿੰਗ ਵਿੱਚ ਮੁੱਖ ਸਿਹਤ ਸਕੱਤਰ ਕੁਮਾਰ ਰਾਹੁਲ ਤੋਂ ਇਲਾਵਾ ਸਿਹਤ ਡਾਇਰੈਕਟਰ ਸ਼੍ਰੀ ਅਨਿਲ ਗੋਇਲ, ਸ਼੍ਰੀਮਤੀ ਅਦਿਤੀ ਸਲਾਰੀਆ ਅਤੇ ਡਾਇਰੈਕਟਰ ਡੀ.ਆਰ.ਐਮ.ਈ ਸ਼ਾਮਲ ਹੋਏ। ਆਗੂਆਂ ਨੇ ਦੱਸਿਆ ਕਿ ਮੀਟਿੰਗ ਦੀ ਅਗਵਾਈ ਕਰਦਿਆਂ ਕੋਆਰਡੀਨੇਟਰ ਗੁਲਜ਼ਾਰ ਖਾਨ ਅਤੇ ਨਰਿੰਦਰ ਸ਼ਰਮਾਂ ਵੱਲੋਂ ਪੈਰਾ ਮੈਡੀਕਲ ਕਾਮਿਆਂ ਦੀਆਂ ਮੰਗਾਂ ਨੂੰ ਲੈ ਕੇ ਵਿਸਥਾਰ ਨਾਲ ਚਰਚਾ ਕੀਤੀ ਗਈ ਅਤੇ ਮੰਗਾਂ ਸਿਹਤ ਵਿਭਾਗ ਵਿੱਚ ਕੰਮ ਕਰਦੇ ਸਮੂਹ ਆਊਟਸੋਰਸ ਕਰਮਚਾਰੀਆਂ ਨੂੰ ਵਿਭਾਗ ਅਧੀਨ ਲਿਆਉਣ, 15/01/15 ਅਤੇ 17/07/20 ਦਾ ਪੱਤਰ ਰੱਦ ਕਰਨ, ਸਿਹਤ ਵਿਭਾਗ ਵਿੱਚ ਕੰਮ ਕਰਦੇ ਸਮੂਹ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ, ਸਬ ਸੈਂਟਰਾਂ ਤੱਕ ਟੀਕਾਕਰਨ ਵੈਕਸੀਨ ਪਹੁੰਚਾਉਣ ਦੇ ਪੁਖਤਾ ਪ੍ਰਬੰਧ ਕਰਨ, ਮਲਟੀਪਰਪਜ਼ ਹੈਲਥ ਸੁਪਰਵਾਈਜ਼ਰ ਅਤੇ ਏ.ਐਮ.ਓ ਦੀਆਂ ਦੀਆਂ ਪ੍ਰਮੋਸ਼ਨਾਂ ਜਲਦੀ ਕਰਨ, ਰੇਡੀਓਗ੍ਰਾਫਰਾਂ ਦੀਆਂ ਨਵੀਆਂ ਪੋਸਟਾਂ ਦੀ ਰਚਨਾਂ ਕਰਨ, ਨਰਸਿੰਗ ਕੇਡਰ ਦੇ ਪੇ ਗ੍ਰੇਡ ਨੂੰ 4600 ਕਰਨ, ਬਗੈਰ ਇਨਕੁਆਇਰੀ ਤੋਂ ਜਾਅਲੀ ਸ਼ਿਕਾਇਤਾਂ ਦੇ ਆਧਾਰ ਤੇ ਕੀਤੀਆਂ ਬਦਲੀਆਂ ਰੱਦ ਕਰਨ, ਵੱਖ—ਵੱਖ ਕੇਡਰਾਂ ਦੇ ਨਾਮ ਤਬਦੀਲ ਕਰਨ, ਏਡਜ਼ ਕੰਟਰੋਲ ਸੋਸਾਇਟੀ ਦੇ ਮੁਲਾਜ਼ਮਾਂ ਨੂੰ ਪੱਕਾ ਕਰਨ, ਦਰਜਾ ਚਾਰ ਕਰਮਚਾਰੀਆਂ ਦੀਆਂ ਪ੍ਰਮੋਸ਼ਨਾਂ ਸੀਨੀਆਰਤਾ ਦੇ ਅਧਾਰ ਤੇ ਕਰਨ ਆਦਿ ਮੰਗ ਪੱਤਰ ਵਿੱਚ ਦਰਜ਼ ਮੁਲਾਜ਼ਮ ਮੰਗਾਂ ਤੇ ਵਿਸਥਾਰ ਸਹਿਤ ਚਰਚਾ ਕੀਤੀ ਗਈ। ਜਥੇਬੰਦੀ ਦੇ ਆਗੂਆਂ ਵੱਲੋਂ ਇਨ੍ਹਾਂ ਮੰਗਾਂ ਨੂੰ ਲੈ ਕੇ ਆਪਣਾ ਪੱਖ ਜ਼ੋਰਦਾਰ ਢੰਗ ਨਾਲ ਰੱਖਿਆ ਗਿਆ। ਸਿਹਤ ਮੰਤਰੀ ਵੱਲੋਂ ਇਨ੍ਹਾਂ ਮੰਗਾਂ ਨੂੰ ਜਲਦ ਪੂਰਾ ਕਰਨ ਦਾ ਭਰੋਸਾ ਦਿਵਾਇਆ ਗਿਆ। ਇਸ ਉਪਰੰਤ ਜਥੇਬੰਦੀ ਵੱਲੋਂ ਡਾਇਰੈਕਟਰ ਦਫ਼ਤਰ ਵਿਖੇ ਦੋਨੋਂ ਸਿਹਤ ਡਾਇਰੈਕਟਰਾਂ ਨਾਲ ਅਲੱਗ ਤੋਂ ਮੀਟਿੰਗ ਕੀਤੀ ਗਈ ਜਿਸ ਵਿੱਚ ਵਿਭਾਗ ਨਾਲ ਸਬੰਧਤ ਮੰਗਾਂ ਤੇ ਚਰਚਾ ਕੀਤੀ ਗਈ। ਸਿਹਤ ਡਾਇਰੈਕਟਰ ਸ਼੍ਰੀ ਅਨਿਲ ਗੋਇਲ ਵੱਲੋਂ ਮੁਲਾਜ਼ਮ ਮੰਗਾਂ ਨੂੰ ਗੌਰ ਨਾਲ ਸੁਣਦਿਆਂ ਜਲਦ ਹੱਲ ਕਰਨ ਦਾ ਵਿਸ਼ਵਾਸ ਦਿਵਾਉਂਦੇ ਹੋਏ ਕੁਝ ਮੰਗਾਂ ਦਾ ਮੌਕੇ ਤੇ ਹੀ ਨਿਪਟਾਰਾ ਕਰਦਿਆਂ ਚਿੱਠੀਆਂ ਜਾਰੀ ਕਰਨ ਦੇ ਨਿਰਦੇਸ਼ ਦਿੱਤੇ। ਇਸ ਮੌਕੇ ਪ.ਸ.ਸ.ਫ ਵਿਗਿਆਨਕ ਦੇ ਸੂਬਾ ਪ੍ਰਧਾਨ ਗਗਨਦੀਪ ਸਿੰਘ ਭੁੱਲਰ, ਸੁਖਵਿੰਦਰ ਸਿੰਘ ਦੋਦਾ, ਮੁਨੱਵਰ ਜਹਾਂ, ਜਸਪ੍ਰੀਤ ਕੌਰ ਮੋਗਾ, ਰਾਜਿੰਦਰ ਬੱਲੂਆਣਾ, ਜਸਵਿੰਦਰ ਸਿੰਘ ਕੌੜਾ, ਜਸਮੇਲ ਸਿੰਘ ਦਿਓਲ, ਗੁਰਵਿੰਦਰ ਸਿੰਘ, ਮਨਜੀਤ ਸਿੰਘ ਰੇਡੀਓਗ੍ਰਾਫਰ, ਦਲਜੀਤ ਸਿੰਘ ਆਦਿ ਆਗੂ ਹਾਜ਼ਰ ਸਨ।

ਸਭ ਤੋਂ ਦਲੇਰਾਨਾ ਕੌਮ ’ਤੇ ਨਸ਼ਿਆਂ ਦਾ ਹਮਲਾ

ਪੰਜਾਬੀਆਂ ਦੀ ਰਾਖੀ ਵਾਸਤੇ ਇਕਜੁੱਟ ਹੋਣ ਦੀ ਲੋੜ- ਹਰਸਿਮਰਤ ਕੌਰ ਬਾਦਲ



ਅੰਮ੍ਰਿਤਸਰ, 10 ਨਵੰਬਰ (ਆਵਾਜ਼ਿ ਕੌਮ ਬਿਊਰੋ)-ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਤੇ ਬਠਿੰਡਾ ਦੇ ਐਮ ਪੀ ਹਰਸਿਮਰਤ ਕੌਰ ਬਾਦਲ ਨੇ ਅੱਜ ਮਾਈ ਭਾਗੋ ਦੀ ਫੌਜ ਨੂੰ ਅਪੀਲ ਕੀਤੀ ਕਿ ਉਹ ਕਿਸਾਨ ਅੰਦੋਲਨ ਦੀ ਤਰਜ਼ ’ਤੇ ਨਸ਼ਿਆਂ ਦੇ ਖਿਲਾਫ ਅੰਦੋਲਨ ਸ਼ੁਰੂ ਕਰੇ ਅਤੇ ਜ਼ੋਰ ਦੇ ਕੇ ਕਿਹਾ ਕਿ ਨਸ਼ਿਆਂ ਕਾਰਨ ਪ੍ਰਭਾਵਤ ਲੋਕਾਂ ਵੱਲੋਂ ਨਿਰੰਤਰ ਪ੍ਰਭਾਵਸ਼ਾਲੀ ਮੁਹਿੰਮ ਚਲਾਉਣ ਨਾਲ ਹੀ ਇਹ ਬੁਰਾਈ ਹਮੇਸ਼ਾ ਵਾਸਤੇ ਖ਼ਤਮ ਹੋ ਸਕਦੀ ਹੈ। ਬਠਿੰਡਾ ਦੇ ਐਮ ਪੀ ਜਿਹਨਾਂ ਨੇ ਅਟਾਰੀ ਅਤੇ ਰਾਜਾਸਾਂਸੀ ਵਿਖੇ ਔਰਤਾਂ ਦੇ ਵਿਸ਼ਾਲ ਇਕੱਠਾਂ ਨੂੰ ਸੰਬੋਧਨ ਕੀਤਾ, ਨੇ ਕਿਹਾ ਕਿ ਮੈਂ ਤੁਹਾਨੂੰ ਇਹ ਅਪੀਲ ਕਰਦੀ ਹਾਂ ਕਿ ਤੁਸੀਂ ਜੱਥੇ ਬਣਾ ਕੇ ਨਸ਼ਿਆਂ ਦੇ ਖਿਲਾਫ ਜਾਗਰੂਕਤਾ ਲਈ ਇਹ ਮੁਹਿੰਮ ਸ਼ੁਰੂ ਕਰੋ ਤਾਂ ਜੋ ਮੌਤ ਦੇ ਇਹਨਾਂ ਫਰਿਸ਼ਤਿਆਂ ਨੂੰ ਪਤਾ ਲੱਗ ਸਕੇ ਕਿ ਤੁਸੀਂ ਇਹਨਾਂ ਦਾ ਟਾਕਰਾ ਕਰਨ ਦੇ ਪੂਰੀ ਤਰ੍ਹਾਂ ਸਮਰਥ ਹੋ। ਤੁਸੀਂ ਆਪਣੇ ਪਿੰਡਾਂ ਵਿਚ ਠੀਕਰੀ ਪਹਿਰੇ ਸ਼ੁਰੂ ਕਰੋ ਤਾਂ ਜੋ ਇਹਨਾਂ ਨਸ਼ਾ ਤਸਕਰਾਂ ਦਾ ਟਾਕਰਾ ਕੀਤਾ ਜਾ ਸਕੇ। ਉਹਨਾਂ ਜ਼ੋਰ ਦੇ ਕੇ ਕਿਹਾ ਕਿ ਔਰਤਾਂ ਖੁਦ ਨਸ਼ਿਆਂ ਦੇ ਖਿਲਾਫ ਇਸ ਮੁਹਿੰਮ ਦੀ ਅਗਵਾਈ ਕਰਨ। ਉਹਨਾਂ ਕਿਹਾ ਕਿ ਪਿਛਲੀ ਕਾਂਗਰਸ ਤੇ ਮੌਜੂਦਾ ਆਮ ਆਦਮੀ ਪਾਰਟੀ (ਆਪ) ਸਰਕਾਰ ਨੇ ਤੁਹਾਨੂੰ ਫੇਲ੍ਹ ਕੀਤਾ ਹੈ। ਉਹਨਾਂ ਕਿਹਾ ਕਿ ਬਜਾਏ ਇਸ ਬੁਰਾਈ ਦੇ ਖਿਲਾਫ ਆਪਣੀ ਗਰੰਟੀ ਪੂਰੀ ਕਰਨ ਦੇ ਉਹਨਾਂ ਨੇ ਨਸ਼ਿਆਂ ਦਾ ਹੋਰ ਪਸਾਰ ਕੀਤਾ ਹੈ। ਉਹਨਾਂ ਨੇ ਆਪ ਸਰਕਾਰ ’ਤੇ ਔਰਤਾਂ ਨੂੰ 60-60 ਹਜ਼ਾਰ ਰੁਪਏ ਦੇਣ ਦੀ ਥਾਂ ਸਿਰਫ 3-3 ਹਜ਼ਾਰ ਰੁਪਏ ਦੇ ਕੇ ਉਹਨਾਂ ਨੂੰ ਖਰੀਦਣ ਦੇ ਯਤਨ ਕਰਨ ਦੇ ਦੋਸ਼ ਲਗਾਏ। ਉਹਨਾਂ ਪੁੱਛਿਆ ਕਿ ਕੀ ਇਹ ਔਰਤਾਂ ਦਾ ਸਤਿਕਾਰ ਹੈ ਜਾਂ ਉਹਨਾਂ ਦਾ ਅਪਮਾਨ ਹੈ ? ਉਹਨਾਂ ਕਿਹਾ ਕਿ ਜੇਕਰ ਕਿਸੇ ਨੇ ਔਰਤਾਂ ਦਾ ਸਤਿਕਾਰ ਕੀਤਾ ਤਾਂ ਉਹ ਸਰਦਾਰ ਪ੍ਰਕਾਸ਼ ਸਿੰਘ ਬਾਦਲ ਨੇ ਕੀਤਾ ਜਿਹਨਾਂ ਨੇ ਲੜਕੀਆਂ ਵਾਸਤੇ ਸ਼ਗਨ ਸਕੀਮ ਸ਼ੁਰੂ ਕੀਤੀ ਤੇ ਲੜਕੀਆਂ ਨੂੰ ਸਾਈਕਲਾਂ ਵੰਡੀਆਂ ਤੇ ਆਟਾ ਦਾਲ ਸਕੀਮ ਸ਼ੁਰੂ ਕੀਤੀ। ਉਹਨਾਂ ਕਿਹਾ ਕਿ ਇਹ ਸਭ ਕੁਝ ਉਹਨਾਂ ਨੇ ਉਦੋਂ ਸ਼ੁਰੂ ਕੀਤਾ ਜਦੋਂ ਇਸਦੀ ਕੋਈ ਗਰੰਟੀ ਨਹੀਂ ਦਿੱਤੀ ਸੀ। ਬਾਦਲ ਨੇ ਇਹ ਵੀ ਕਿਹਾ ਕਿ ਹਾਲਾਤ ਇਹ ਬਣ ਗਏ ਹਨ ਕਿ ਨਸ਼ਿਆਂ ਵਿਚ ਅੱਜ ਪੰਜਾਬ ਨੰਬਰ ਇਕ ’ਤੇ ਹੈ ਅਤੇ ਨਸ਼ਿਆਂ ਦੀ ਓਵਰਡੋਜ਼ ਨਾਲ ਮੌਤਾਂ ਦੇ ਮਾਮਲੇ ਵਿਚ ਨੰਬਰ ਦੋ ’ਤੇ ਹੈ। ਉਹਨਾਂ ਕਿਹਾ ਕਿ ਆਪ ਸਰਕਾਰ ਦੇ ਰਾਜ ਵਿਚ ਪੰਜਾਬ ਨੂੰ ਇਹ ਦਰਜਾ ਪ੍ਰਾਪਤ ਹੋਇਆ ਹੈ ਤੇ ਅਸੀਂ ਸਿੱਖਿਆ ਤੇ ਸਿਹਤ ਦੇ ਮਾਮਲੇ ਵਿਚ ਕੌਮੀ ਪੱਧਰ ’ਤੇ 18ਵੇਂ ਸਥਾਨ ’ਤੇ ਜਾ ਡਿੱਗੇ ਹਾਂ। ਉਹਨਾਂ ਕਿਹਾ ਕਿ ਇਹੀ ਕਾਰਨ ਹੈ ਕਿ ਔਰਤਾਂ ਰੋਜ਼ ਆ ਕੇ ਮੈਨੂੰ ਦੱਸਦੀਆਂ ਹਨ ਕਿ ਉਹ ਸਿਰਫ ਸੂਬੇ ਵਿਚ ਨਸ਼ੇ ਦਾ ਖ਼ਾਤਮਾ ਚਾਹੁੰਦੀਆਂ ਹਨ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ AWAZE QAUM International Newspaper & WEB TV
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਪਾਰਲੀਮੈਂਟ ਮੈਂਬਰ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਨੂੰ ਆਪਣੀ ਦਾਦੀ ਦੀਆਂ ਅੰਤਿਮ ਰਸਮਾਂ ਨਿਭਾਉਣ ਲਈ ਸਰਕਾਰ ਨੈਤਿਕਤਾ ਦੇ ਆਧਾਰ ਤੇ ਬਿਨਾਂ ਦੇਰੀ ਕੀਤਿਆਂ ਦੇਵੇ ਪੈਰੋਲ : ਬਾਬਾ ਬਿਬੇਕ ਸਿੰਘ



ਜੰਡਿਆਲਾ ਗੁਰੂ, 10 ਨਵੰਬਰ (ਕੁਲਵੰਤ ਸਿੰਘ ਵਿਰਦੀ)-ਅਕਾਲੀ ਦਲ ਵਾਰਿਸ ਪੰਜਾਬ ਦੇ ਖਡੂਰ ਸਾਹਿਬ ਤੋਂ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਦਾਦੀ ਜੀ ਅਤੇ ਪਾਰਟੀ ਦੇ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਭਾਈ ਤਰਸੇਮ ਸਿੰਘ ਖਾਲਸਾ ਦੇ ਮਾਤਾ ਜੀ ਸਰਦਾਰਨੀ ਚਰਨ ਕੌਰ ਜੀ ਬੀਤੇ ਦਿਨ ਅਕਾਲ ਚਲਾਣਾ ਕਰ ਗਏ ਹਨ ਅਤੇ ਮਾਤਾ ਜੀ ਦੇ ਅਕਾਲ ਚਲਾਣੇ ਨਾਲ ਪਰਿਵਾਰ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਇਨਾਂ ਗੱਲਾਂ ਦਾ ਪ੍ਰਗਟਾਵਾ ਕਰਦਿਆ ਹੋਇਆ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ਜੀ ਵੱਲੋਂ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਹੋਇਆ ਅੱਗੇ ਕਿਹਾ ਕਿ ਅਕਾਲ ਪੁਰਖ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸਣ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ਣ ਦੀ ਅਰਦਾਸ ਕਰਦੇ ਹਾਂ ਅੱਗੇ ਬਾਬਾ ਬਿਬੇਕ ਸਿੰਘ ਨੇ ਕਿਹਾ ਕਿ ਮਾਤਾ ਚਰਨ ਕੌਰ ਜੀ ਦੇ ਅੰਤਿਮ ਸੰਸਕਾਰ ਅਤੇ ਅੰਤਿਮ ਰਸਮਾਂ ਵਿੱਚ ਸ਼ਾਮਲ ਹੋਣ ਲਈ ਉਨ੍ਹਾਂ ਦੇ ਪੋਤਰੇ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ, ਪੁੱਤਰ ਭਾਈ ਹਰਜੀਤ ਸਿੰਘ ਅਤੇ ਦੋਹਤੇ ਗੁਰਿੰਦਰਪਾਲ ਸਿੰਘ ਔਜਲਾ ਦੀ ਪੈਰੋਲ ਸਬੰਧੀ ਅਰਜੀ ਉਨ੍ਹਾਂ ਦੇ ਵਕੀਲਾਂ ਵੱਲੋਂ ਅੰਮ੍ਰਿਤਸਰ ਦੀ ਅਦਾਲਤ ਵਿੱਚ ਦਾਖ਼ਲ ਕੀਤੀ ਗਈ ਹੈ। ਅਤੇ ਉਨ੍ਹਾਂ ਨੂੰ ਇਸ ਦੁੱਖ ਦੀ ਘੜੀ ਵਿੱਚ ਪਰਿਵਾਰ ਨੂੰ ਆਪਣੇ ਵਿਛੜੇ ਜੀਅ ਦੀਆਂ ਅੰਤਿਮ ਰਸਮਾਂ ਨਿਭਾਉਣ ਲਈ ਆਪਣੇ ਪਰਿਵਾਰਕ ਮੈਂਬਰਾਂ ਦੀ ਹਾਜ਼ਰੀ ਦੀ ਬੇਹੱਦ ਲੋੜ ਹੈ। ਅਸੀਂ ਸਰਕਾਰ ਨੂੰ ਅਪੀਲ ਕਰਦੇ ਹਾਂ ਕਿ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਲੋਕਾਂ ਵੱਲੋਂ ਚੁਣੇ ਹੋਏ ਸੰਸਦ ਮੈਂਬਰ ਹਨ ਅਤੇ ਉਨ੍ਹਾਂ ਨੂੰ ਆਪਣੇ ਪਰਿਵਾਰ ਦੀ ਇਸ ਬੇਹੱਦ ਦੁਖਦਾਈ ਘੜੀ ਵਿੱਚ ਦਾਦੀ ਜੀ ਦੇ ਅੰਤਿਮ ਸੰਸਕਾਰ ਵਿੱਚ ਸ਼ਾਮਲ ਹੋਣ ਦਾ ਮੌਕਾ ਮਿਲਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਮਨੁੱਖੀ ਸੰਵੇਦਨਾਵਾਂ, ਪਰਿਵਾਰਕ ਜ਼ਿੰਮੇਵਾਰੀਆਂ ਅਤੇ ਨੈਤਿਕਤਾ ਦੇ ਆਧਾਰ ’ਤੇ ਸਰਕਾਰ ਨੂੰ ਇਸ ਮਾਮਲੇ ਵਿੱਚ ਹਮਦਰਦੀ ਵਾਲਾ ਰੁਖ਼ ਅਪਣਾਉਂਦਿਆਂ ਕਾਨੂੰਨੀ ਪ੍ਰਕਿਰਿਆ ਤਹਿਤ ਬਿਨਾਂ ਕਿਸੇ ਦੇਰੀ ਕੀਤਿਆਂ ਪੈਰੋਲ ਦੇਣੀ ਚਾਹੀਦੀ ਹੈ, ਤਾਂ ਜੋ ਉਹ ਆਪਣੇ ਪਰਿਵਾਰ ਨਾਲ ਇਸ ਦੁੱਖ ਦੀ ਘੜੀ ਵਿੱਚ ਖੜ੍ਹੇ ਹੋ ਸਕਣ ਅਤੇ ਮਾਤਾ ਚਰਨ ਕੌਰ ਜੀ ਦੀਆਂ ਅੰਤਿਮ ਰਸਮਾਂ ਵਿੱਚ ਸ਼ਾਮਲ ਹੋ ਸਕਣ। ਇਸ ਲਈ ਸਰਕਾਰ ਨੂੰ ਇਸ ਮਾਮਲੇ ਨੂੰ ਸਿਰਫ ਕਾਨੂੰਨੀ ਪ੍ਰਕਿਰਿਆ ਤੱਕ ਸੀਮਤ ਨਾ ਰੱਖਦਿਆਂ ਮਨੁੱਖੀ ਅਤੇ ਸੰਵੇਦਨਸ਼ੀਲ ਪੱਖ ਤੋਂ ਵੀ ਵਿਚਾਰਨਾ ਚਾਹੀਦਾ ਹੈ।

ਝੋਨੇ ਦੀ ਖਰੀਦ ਦੇ ਅਨੁਮਾਨਾਂ ਤੇ ਭਗਵੰਤ ਮਾਨ ਸਰਕਾਰ ਸਥਿਤੀ ਸਪੱਸ਼ਟ ਕਰੇ—ਲਖਵਿੰਦਰ ਸਿੰਘ ਮੋਮੀ



ਫ਼ਿਰੋਜ਼ਪੁਰ, 10 ਨਵੰਬਰ (ਮਨੋਹਰ ਲਾਲ) :— ਭਾਰਤੀ ਜਨਤਾ ਪਾਰਟੀ ਕਿਸਾਨ ਮੋਰਚਾ ਪੰਜਾਬ ਦੇ ਪ੍ਰਦੇਸ਼ ਪ੍ਰਧਾਨ ਲਖਵਿੰਦਰ ਸਿੰਘ ਮੋਮੀ ਨੇ ਝੋਨੇ ਦੀ ਖਰੀਦ ਸਬੰਧੀ ਪੈਦਾ ਹੋਈਆਂ ਸਮੱਸਿਆਵਾਂ ਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਤੋਂ ਜਵਾਬ ਮੰਗਿਆ ਹੈ। ਗੱਲਬਾਤ ਕਰਦਿਆਂ ਮੋਮੀ ਨੇ ਕਿਹਾ ਕਿ ਪੰਜਾਬ ਵਿੱਚ ਝੋਨੇ ਦੀ ਸਰਕਾਰੀ ਖਰੀਦ ਲਈ ਲਗਭਗ 180 ਲੱਖ ਮੀਟ੍ਰਿਕ ਟਨ ਦਾ ਟੀਚਾ ਰੱਖਿਆ ਗਿਆ ਸੀ, ਜਦਕਿ ਝੋਨੇ ਦੀ ਕੁੱਲ ਆਮਦ ਇਸ ਤੋਂ ਵੱਧ ਹੋਣ ਦੀ ਸੰਭਾਵਨਾ ਸਾਹਮਣੇ ਆਈ ਹੈ। ਉਨ੍ਹਾਂ ਸਵਾਲ ਉਠਾਇਆ ਕਿ ਭਗਵੰਤ ਮਾਨ ਸਰਕਾਰ ਨੇ ਬਿਜਾਈ ਹੇਠ ਰਕਬੇ, ਪ੍ਰਤੀ ਏਕੜ ਔਸਤ ਪੈਦਾਵਾਰ ਅਤੇ ਮੰਡੀਆਂ ਵਿੱਚ ਸੰਭਾਵਿਤ ਆਮਦ ਦੇ ਅੰਕੜਿਆਂ ਦੇ ਆਧਾਰ ਤੇ ਖਰੀਦ ਦੀ ਲੋੜ ਦਾ ਸਹੀ ਅਨੁਮਾਨ ਕਿਉਂ ਨਹੀਂ ਲਗਾਇਆ। ਗੱਲਬਾਤ ਕਰਦਿਆਂ ਮੋਮੀ ਨੇ ਮੰਗ ਕੀਤੀ ਕਿ ਪੰਜਾਬ ਸਰਕਾਰ ਜਨਤਕ ਤੌਰ ਤੇ ਸਪੱਸ਼ਟ ਕਰੇ ਕਿ ਕੇਂਦਰ ਸਰਕਾਰ ਨੂੰ ਸ਼ੁਰੂਆਤੀ ਖਰੀਦ ਟੀਚੇ ਲਈ ਕਿੰਨੀ ਮਾਤਰਾ ਦੀ ਸਿਫ਼ਾਰਸ਼ ਕੀਤੀ ਗਈ ਸੀ, ਇਹ ਸਿਫ਼ਾਰਸ਼ ਕਦੋਂ ਭੇਜੀ ਗਈ ਅਤੇ ਵਾਧੂ ਖਰੀਦ ਲਈ ਕਿਹੜੇ ਕਦਮ ਚੁੱਕੇ ਗਏ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਆਪਣੀ ਫ਼ਸਲ ਵੇਚਣ ਲਈ ਆ ਰਹੀਆਂ ਮੁਸ਼ਕਲਾਂ ਦਾ ਤੁਰੰਤ ਹੱਲ ਹੋਣਾ ਚਾਹੀਦਾ ਹੈ। ਪੰਜਾਬ ਸਰਕਾਰ ਨੂੰ ਖਰੀਦ, ਚੁਕਾਈ ਅਤੇ ਮੰਡੀਆਂ ਵਿੱਚ ਬਾਕੀ ਪਈ ਫ਼ਸਲ ਦੇ ਸਹੀ ਅੰਕੜੇ ਜਾਰੀ ਕਰਨੇ ਚਾਹੀਦੇ ਹਨ।

ਦੁਨੀਆ ਦੇ 50 ਸਭ ਤੋਂ ਪ੍ਰਦੂਸ਼ਿਤ ਸ਼ਹਿਰਾਂ ਵਿੱਚੋਂ 49 ਭਾਰਤ ਦੇ

ਨਵੀਂ ਦਿੱਲੀ, 10 ਨਵੰਬਰ (ਆਵਾਜ਼ਿ ਕੌਮ ਬਿਊਰੋ)-ਦੇਸ਼ ਵਿੱਚ ਦੀਵਾਲੀ ਤੋਂ ਬਾਅਦ ਹਵਾ ਪ੍ਰਦੂਸ਼ਣ ਦੀ ਸਥਿਤੀ ਲਗਾਤਾਰ ਚਿੰਤਾਜਨਕ ਬਣੀ ਹੋਈ ਹੈ। ਉੱਤਰੀ ਭਾਰਤ ਸਮੇਤ ਕਈ ਸੂਬਿਆਂ ਵਿੱਚ ਹਵਾ ਦੀ ਗੁਣਵੱਤਾ ਬੇਹੱਦ ਖ਼ਰਾਬ ਹੋ ਗਈ ਹੈ। ਇਸੇ ਦੌਰਾਨ ਸਾਹਮਣੇ ਆਏ ਅੰਕੜਿਆਂ ਨੇ ਪੂਰੀ ਦੁਨੀਆ ਦਾ ਧਿਆਨ ਭਾਰਤ ਵੱਲ ਖਿੱਚਿਆ ਹੈ। ਦੁਨੀਆ ਦੇ ਸਭ ਤੋਂ ਵੱਧ ਪ੍ਰਦੂਸ਼ਿਤ 50 ਸ਼ਹਿਰਾਂ ਦੀ ਸੂਚੀ ਵਿੱਚੋਂ 49 ਸ਼ਹਿਰ ਭਾਰਤ ਦੇ ਦਰਜ ਕੀਤੇ ਗਏ ਹਨ। ਇਸ ਸੂਚੀ ਵਿੱਚ ਰਾਜਸਥਾਨ ਦਾ ਸ੍ਰੀਗੰਗਾਨਗਰ ਪਹਿਲੇ ਨੰਬਰ ’ਤੇ ਰਿਹਾ, ਜਿੱਥੇ ਹਵਾ ਗੁਣਵੱਤਾ ਸੂਚਕ ਅੰਕ (AQI) 821 ਤੱਕ ਪਹੁੰਚ ਗਿਆ। AQI ਡਾਟ ਇਨ ਦੇ ਅੰਕੜਿਆਂ ਅਨੁਸਾਰ ਅੱਜ ਸਵੇਰੇ 9 ਵੱਜ ਕੇ 54 ਮਿੰਟ ’ਤੇ ਸ੍ਰੀਗੰਗਾਨਗਰ ਦਾ AQI 821 ਦਰਜ ਕੀਤਾ ਗਿਆ, ਜਿਸ ਨਾਲ ਇਹ ਦੁਨੀਆ ਦਾ ਸਭ ਤੋਂ ਪ੍ਰਦੂਸ਼ਿਤ ਸ਼ਹਿਰ ਬਣ ਗਿਆ। ਇਸ ਸੂਚੀ ਵਿੱਚ ਭਾਰਤ ਤੋਂ ਇਲਾਵਾ ਸਿਰਫ਼ ਪਾਕਿਸਤਾਨ ਦਾ ਲਾਹੌਰ ਹੀ ਸ਼ਾਮਲ ਸੀ। ਲਾਹੌਰ ਵਿੱਚ AQI 430 ਦਰਜ ਕੀਤਾ ਗਿਆ ਅਤੇ ਉਹ ਦੁਨੀਆ ਦੇ ਸਭ ਤੋਂ ਪ੍ਰਦੂਸ਼ਿਤ ਸ਼ਹਿਰਾਂ ਦੀ ਸੂਚੀ ਵਿੱਚ 14ਵੇਂ ਸਥਾਨ ’ਤੇ ਰਿਹਾ। ਦੀਵਾਲੀ ਤੋਂ ਬਾਅਦ ਦਿੱਲੀ ਤੋਂ ਲੈ ਕੇ ਮੱਧ ਪ੍ਰਦੇਸ਼ ਤੱਕ ਹਵਾ ਪ੍ਰਦੂਸ਼ਣ ਨੇ ਲੋਕਾਂ ਦੀਆਂ ਮੁਸ਼ਕਲਾਂ ਵਧਾ ਦਿੱਤੀਆਂ ਹਨ। ਮੰਗਲਵਾਰ ਸਵੇਰੇ 6 ਵਜੇ ਦਿੱਲੀ ਦੇ ਚਾਂਦਨੀ ਚੌਕ ਇਲਾਕੇ ਵਿੱਚ AQI 400 ਤੋਂ ਪਾਰ ਦਰਜ ਕੀਤਾ ਗਿਆ, ਜਦਕਿ ਰਾਜਧਾਨੀ ਦੇ ਕਈ ਹੋਰ ਇਲਾਕਿਆਂ ਵਿੱਚ ਵੀ ਹਵਾ ਦੀ ਗੁਣਵੱਤਾ 300 ਤੋਂ ਉੱਪਰ ਰਹੀ। ਇਸ ਕਾਰਨ ਸਵੇਰ ਅਤੇ ਸ਼ਾਮ ਦੇ ਸਮੇਂ ਬਾਹਰ ਨਿਕਲਣ ਵਾਲੇ ਲੋਕਾਂ ਨੂੰ ਪ੍ਰਦੂਸ਼ਿਤ ਹਵਾ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਦਿੱਲੀ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਪ੍ਰਦੂਸ਼ਣ ਵਧਣ ਦੇ ਪਿੱਛੇ ਦੀਵਾਲੀ ਦੌਰਾਨ ਪਟਾਕਿਆਂ ਤੋਂ ਨਿਕਲਣ ਵਾਲਾ ਧੂੰਆਂ, ਵਾਹਨਾਂ ਦਾ ਧੂੰਆਂ, ਨਿਰਮਾਣ ਕਾਰਜਾਂ ਤੋਂ ਉੱਡਦੀ ਧੂੜ ਅਤੇ ਮੌਸਮ ਵਿੱਚ ਹਵਾ ਦੀ ਗਤੀ ਘੱਟ ਹੋਣਾ ਅਹਿਮ ਕਾਰਨ ਮੰਨੇ ਜਾਂਦੇ ਹਨ। ਹਵਾ ਦੀ ਰਫ਼ਤਾਰ ਘੱਟ ਹੋਣ ਕਾਰਨ ਪ੍ਰਦੂਸ਼ਕ ਤੱਤ ਵਾਤਾਵਰਣ ਵਿੱਚ ਹੀ ਇਕੱਠੇ ਰਹਿ ਜਾਂਦੇ ਹਨ। ਪ੍ਰਦੂਸ਼ਣ ਦੀ ਮਾਰ ਸਿਰਫ਼ ਦਿੱਲੀ ਤੱਕ ਸੀਮਤ ਨਹੀਂ ਹੈ।

ਨਿਊਯਾਰਕ 'ਚ ਬੰਦੀ ਛੋੜ ਦਿਵਸ ਅਤੇ

ਪੰਥਕ ਸ਼ਹੀਦੀ ਸਮਾਗਮ ਚੜ੍ਹਦੀ ਕਲਾ ਨਾਲ ਮਨਾਇਆ







ਨਿਊਯਾਰਕ (ਸਰਬਜੀਤ ਸਿੰਘ ਬਨੂੜ)- ਅਮਰੀਕਾ ਦੇ ਨਿਊਯਾਰਕ ਸਥਿਤ ਰਿਚਮੰਡ ਹਿੱਲ ਦੇ ਗੁਰਦੁਆਰਾ ਸਿੱਖ ਕਲਚਰਲ ਸੋਸਾਇਟੀ ਵਿਖੇ ਬੰਦੀ ਛੋੜ ਦਿਵਸ ਅਤੇ ਮਹਾਨ ਪੰਥਕ ਸ਼ਹੀਦੀ ਸਮਾਗਮ ਬੜੀ ਸ਼ਰਧਾ, ਉਤਸ਼ਾਹ ਅਤੇ ਚੜ੍ਹਦੀ ਕਲਾ ਨਾਲ ਮਨਾਇਆ ਗਿਆ। ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਮੂਹ ਪੰਥਕ ਜਥੇਬੰਦੀਆਂ ਦੇ ਸਹਿਯੋਗ ਨਾਲ ਕਰਵਾਏ ਗਏ ਇਸ ਸਮਾਗਮ ਵਿੱਚ ਅਮਰੀਕਾ ਦੀਆਂ ਵੱਖ-ਵੱਖ ਸਿੱਖ ਜਥੇਬੰਦੀਆਂ ਦੇ ਆਗੂਆਂ ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਪ੍ਰਬੰਧਕਾਂ ਅਤੇ ਪੰਥਕ ਜਥੇਬੰਦੀਆਂ ਵੱਲੋਂ ਪਰਵਿੰਦਰ ਸਿੰਘ ਖ਼ਾਲਸਾ (ਝੋਟਾ) ਦੀ ਤਸਵੀਰ ਗੁਰਦੁਆਰਾ ਸਾਹਿਬ ਦੀ ਸ਼ਹੀਦੀ ਗੈਲਰੀ ਵਿੱਚ ਸੁਸ਼ੋਭਿਤ ਕੀਤੀ ਗਈ ਅਤੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।



ਸਮਾਗਮ ਦੀ ਆਰੰਭਤਾ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਨਾਲ ਹੋਈ। ਇਸ ਉਪਰੰਤ ਸਾਰਾ ਦਿਨ ਧਾਰਮਿਕ ਦੀਵਾਨ ਸਜੇ ਰਹੇ। ਰਾਗੀ ਜਥਿਆਂ ਵੱਲੋਂ ਗੁਰਬਾਣੀ ਕੀਰਤਨ ਅਤੇ ਕਥਾ-ਵਿਚਾਰਾਂ ਰਾਹੀਂ ਸੰਗਤਾਂ ਨੂੰ ਗੁਰੂ ਸਾਹਿਬਾਨ ਦੇ ਇਤਿਹਾਸ ਅਤੇ ਸਿੱਖ ਕੌਮ ਦੀਆਂ ਕੁਰਬਾਨੀਆਂ ਤੋਂ ਜਾਣੂ ਕਰਵਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਗੁਰਦੁਆਰਾ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਧਰਮਵੀਰ ਸਿੰਘ ਨੇ ਬੰਦੀ ਛੋੜ ਦਿਵਸ ਦੇ ਇਤਿਹਾਸ 'ਤੇ ਚਾਨਣਾ ਪਾਇਆ। ਸਭਾ ਦੇ ਪ੍ਰਧਾਨ ਜਤਿੰਦਰ ਸਿੰਘ ਬੋਪਾਰਾਏ ਨੇ ਸਮੂਹ ਸੰਗਤਾਂ ਨੂੰ ਬੰਦੀ ਛੋੜ ਦਿਵਸ ਦੀਆਂ ਵਧਾਈਆਂ ਦਿੰਦਿਆਂ ਕਿਹਾ ਕਿ ਸਿੱਖ ਕੌਮ ਦਾ ਇਤਿਹਾਸ ਕੁਰਬਾਨੀਆਂ ਅਤੇ ਸ਼ਹਾਦਤਾਂ ਨਾਲ ਭਰਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਸ਼ਹੀਦਾਂ ਨੂੰ ਸਿਰਫ਼ ਯਾਦ ਕਰਨਾ ਹੀ ਕਾਫ਼ੀ ਨਹੀਂ, ਸਗੋਂ ਉਨ੍ਹਾਂ ਦੇ ਦਰਸਾਏ ਮਾਰਗ ਅਤੇ ਸਿਧਾਂਤਾਂ 'ਤੇ ਚੱਲਣਾ ਵੀ ਕੌਮ ਦਾ ਫ਼ਰਜ਼ ਹੈ। ਉਨ੍ਹਾਂ ਸਮੂਹ ਪੰਥਕ ਜਥੇਬੰਦੀਆਂ ਵੱਲੋਂ ਕੀਤੇ ਜਾ ਰਹੇ ਧਾਰਮਿਕ ਅਤੇ ਪੰਥਕ ਕਾਰਜਾਂ ਦੀ ਸ਼ਲਾਘਾ ਕਰਦਿਆਂ ਭਵਿੱਖ ਵਿੱਚ ਵੀ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ।

ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਕਨਵੀਨਰ ਬੂਟਾ ਸਿੰਘ ਖੜੌਦ ਨੇ ਕਿਹਾ ਕਿ ਜੂਨ 1984 ਵਿੱਚ ਸ੍ਰੀ ਦਰਬਾਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਹੋਈ ਫ਼ੌਜੀ ਕਾਰਵਾਈ ਅਤੇ ਨਵੰਬਰ 1984 ਦੌਰਾਨ ਦਿੱਲੀ ਸਮੇਤ ਭਾਰਤ ਦੇ ਵੱਖ-ਵੱਖ ਸ਼ਹਿਰਾਂ ਵਿੱਚ ਹੋਏ ਸਿੱਖ ਕਤਲੇਆਮ ਦਾ ਜ਼ਿਕਰ ਕਰਦਿਆਂ ਕਿਹਾ ਕਿ ਇਨ੍ਹਾਂ ਘਟਨਾਵਾਂ ਨੂੰ ਸਿੱਖ ਕੌਮ ਕਦੇ ਭੁਲਾ ਨਹੀਂ ਸਕਦੀ। ਉਨ੍ਹਾਂ ਭਾਈ ਬੇਅੰਤ ਸਿੰਘ, ਭਾਈ ਸਤਵੰਤ ਸਿੰਘ ਅਤੇ ਭਾਈ ਕੇਹਰ ਸਿੰਘ ਨੂੰ ਵੀ ਸ਼ਰਧਾਂਜਲੀ ਭੇਟ ਕੀਤੀ।

ਸਿੱਖਸ ਫਾਰ ਜਸਟਿਸ ਦੇ ਆਗੂ ਅਵਤਾਰ ਸਿੰਘ ਪੰਨੂੰ ਖ਼ਾਲਿਸਤਾਨ ਰੈਫਰੈਂਡਮ ਦੀ ਮੁਹਿੰਮ ਦਾ ਜ਼ਿਕਰ ਕਰਦਿਆਂ ਕਿਹਾ ਕਿ ਪੰਜਾਬ ਦੀ ਆਜ਼ਾਦੀ ਅਤੇ ਸਿੱਖਾਂ ਦੇ ਸਵੈ-ਨਿਰਣੇ ਦੇ ਅਧਿਕਾਰ ਲਈ ਚੱਲ ਰਿਹਾ ਸੰਘਰਸ਼ ਹੁਣ ਵਿਸ਼ਵ ਪੱਧਰ 'ਤੇ ਪਹੁੰਚ ਚੁੱਕਾ ਹੈ। ਉਨ੍ਹਾਂ ਦਾਅਵਾ ਕੀਤਾ ਕਿ ਦੁਨੀਆ ਦੇ ਵੱਖ-ਵੱਖ ਦੇਸ਼ਾਂ ਵਿੱਚ ਵੱਸਦੇ ਸਿੱਖ ਰੈਫਰੈਂਡਮ ਰਾਹੀਂ ਆਪਣੀ ਰਾਜਨੀਤਕ ਇੱਛਾ ਦਾ ਪ੍ਰਗਟਾਵਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਸ਼ਹੀਦਾਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਅਤੇ ਪੰਜਾਬ ਦੀ ਆਜ਼ਾਦੀ ਦੇ ਉਦੇਸ਼ ਦੀ ਪ੍ਰਾਪਤੀ ਤੱਕ ਇਹ ਮੁਹਿੰਮ ਜਾਰੀ ਰਹੇਗੀ।



ਸਿੱਖ ਫੈਡਰੇਸ਼ਨ ਅਮਰੀਕਾ ਦੇ ਭਾਈ ਬਲਾਕਾ ਸਿੰਘ ਨੇ ਕੌਮ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਨੌਜਵਾਨ ਪੀੜ੍ਹੀ ਨੂੰ ਸਿੱਖ ਇਤਿਹਾਸ, ਸਿੱਖੀ ਸਿਧਾਂਤਾਂ ਅਤੇ ਕੌਮੀ ਵਿਰਸੇ ਨਾਲ ਜੁੜਨ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਸ਼ਹੀਦਾਂ ਦੀਆਂ ਕੁਰਬਾਨੀਆਂ ਆਉਣ ਵਾਲੀਆਂ ਪੀੜ੍ਹੀਆਂ ਲਈ ਪ੍ਰੇਰਨਾ ਸਰੋਤ ਹਨ। ਉਨ੍ਹਾਂ ਨੌਜਵਾਨਾਂ ਨੂੰ ਕੌਮ ਦੀ ਸੇਵਾ ਕਰਨ ਅਤੇ ਖ਼ਾਲਿਸਤਾਨ ਦੀ ਕਾਇਮੀ ਲਈ ਚੱਲ ਰਹੇ ਸੰਘਰਸ਼ ਨਾਲ ਜੁੜਨ ਦੀ ਅਪੀਲ ਵੀ ਕੀਤੀ।

ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਸੁਰਜੀਤ ਸਿੰਘ ਕੁਲਾਰ, ਵਰਲਡ ਸਿੱਖ ਪਾਰਲੀਮੈਂਟ ਅਤੇ ਸਿੱਖ ਕੋਆਰਡੀਨੇਸ਼ਨ ਕਮੇਟੀ ਈਸਟ ਕੋਸਟ ਦੇ ਕੋਆਰਡੀਨੇਟਰ ਹਿੰਮਤ ਸਿੰਘ, ਨਿਊਯਾਰਕ ਸਿਟੀ ਦੇ ਹਿਊਮਨ ਰਾਈਟਸ ਕਮਿਸ਼ਨਰ ਗੁਰਦੇਵ ਸਿੰਘ ਕੰਗ, ਸਰਪ੍ਰਸਤ ਹਰਬੰਸ ਸਿੰਘ ਢਿੱਲੋਂ, ਸਿੱਖ ਕਲਚਰਲ ਸੋਸਾਇਟੀ ਦੇ ਸਾਬਕਾ ਪ੍ਰਧਾਨ ਟਹਿਲ ਸਿੰਘ, ਪੈਨਸਿਲਵੇਨੀਆ ਤੋਂ ਭਗਤ ਸਿੰਘ ਡੇਕਵਾਲਾ, ਬਾਬਾ ਬੰਦਾ ਸਿੰਘ ਬਹਾਦਰ ਸੋਸਾਇਟੀ ਦੇ ਰਜਿੰਦਰ ਸਿੰਘ ਅਤੇ ਸਿੱਖ ਸੈਂਟਰ ਆਫ਼ ਨਿਊਯਾਰਕ ਇੰਕ. ਦੇ ਪ੍ਰਧਾਨ ਜਿੰਦਰ ਸਿੰਘ, ਸ਼ਹੀਦ ਕਰਤਾਰ ਸਿੰਘ ਸਰਾਭਾ ਸੋਸਾਇਟੀ ਦੇ ਲਖਵਿੰਦਰ ਸਿੰਘ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਜੋਗਾ ਸਿੰਘ, ਵਰਲਡ ਸਿੱਖ ਪਾਰਲੀਮੈਂਟ ਦੇ ਹਰਮਿੰਦਰ ਸਿੰਘ ਆਹਲੂਵਾਲੀਆ, ਕੁਲਵੰਤ ਸਿੰਘ ਮਿਆਣੀ, ਬੂਟਾ ਸਿੰਘ ਚੀਮਾ, ਜਸਵੀਰ ਸਿੰਘ ਜੱਸੀ ਅਤੇ ਬਾਬਾ ਬੁੱਢਾ ਜੀ ਸੋਸਾਇਟੀ ਦੇ ਦੀਦਾਰ ਸਿੰਘ ਚੀਮਾ ਨੇ ਵੀ ਸਮਾਗਮ ਵਿੱਚ ਸ਼ਮੂਲੀਅਤ ਕੀਤੀ।

ਸਮਾਗਮ ਦੀ ਸਮਾਪਤੀ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਮੂਹ ਸੰਗਤਾਂ, ਪੰਥਕ ਜਥੇਬੰਦੀਆਂ ਅਤੇ ਸਹਿਯੋਗੀਆਂ ਦਾ ਧੰਨਵਾਦ ਕੀਤਾ ਗਿਆ।

ਨਾਨਕਸਰ ਸੰਪਰਦਾ ਦੇ ਸੰਤ ਬਾਬਾ ਅਮਰ ਸਿੰਘ ਜੀ ਮਹਾਰਾਜ ਦਾ ਅਕਾਲ ਚਲਾਣਾ, ਸਿੱਖ ਜਗਤ ਨੂੰ ਵੱਡਾ ਘਾਟਾ



☛ ਯੂ.ਕੇ. ਦੀ ਗੁਰੂ ਨਾਨਕ ਸਿੱਖ ਅਕੈਡਮੀ ਦੇ ਸੰਸਥਾਪਕ ਸਨ ਬਾਬਾ ਜੀ, ਧਾਰਮਿਕ ਅਤੇ ਵਿੱਦਿਅਕ ਖੇਤਰ ਵਿੱਚ ਨਿਭਾਈਆਂ ਅਹਿਮ ਸੇਵਾਵਾਂ

☛ 84 ਸਾਲ ਦੀ ਉਮਰ ਵਿੱਚ ਸੱਚਖੰਡ ਪਿਆਨਾ ਕਰ ਜਾਣ ਦੀ ਸੂਚਨਾ, ਨਾਨਕਸਰ ਵੱਲੋਂ ਸ਼ੋਕ ਸੰਦੇਸ਼ ਜਾਰੀ

ਲੰਡਨ, 10 ਨਵੰਬਰ (ਸਰਬਜੀਤ ਸਿੰਘ ਬਨੂੜ) - ਨਾਨਕਸਰ ਸੰਪਰਦਾ ਦੇ ਸਤਿਕਾਰਯੋਗ ਸੰਤ ਬਾਬਾ ਅਮਰ ਸਿੰਘ ਜੀ ਮਹਾਰਾਜ ਦੇ ਅੱਜ ਅਕਾਲ ਚਲਾਣਾ ਕਰ ਗਏ। ਬਾਬਾ ਜੀ ਇੰਗਲੈਂਡ ਦੇ ਹੇਜ਼ ਸਥਿਤ ਪ੍ਰਸਿੱਧ ਗੁਰੂ ਨਾਨਕ ਸਿੱਖ ਅਕੈਡਮੀ ਦੇ ਸੰਸਥਾਪਕ ਸਨ। ਉਨ੍ਹਾਂ ਦੇ ਅਕਾਲ ਚਲਾਣੇ ਸਬੰਧੀ ਨਾਨਕਸਰ ਦੇ ਨਾਂ ਹੇਠ ਜਾਰੀ ਸ਼ੋਕ ਸੰਦੇਸ਼ ਵਿੱਚ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਹੈ।

ਜਾਰੀ ਕੀਤੇ ਗਏ ਸ਼ੋਕ ਸੰਦੇਸ਼ ਅਨੁਸਾਰ ਸੰਤ ਬਾਬਾ ਅਮਰ ਸਿੰਘ ਜੀ ਦਾ ਜਨਮ 1 ਨਵੰਬਰ 1942 ਨੂੰ ਹੋਇਆ ਸੀ ਅਤੇ 10 ਨਵੰਬਰ 2026 ਨੂੰ ਉਨ੍ਹਾਂ ਦਾ ਸੱਚਖੰਡ ਪਿਆਨਾ ਹੋ ਗਿਆ। ਉਹ 84 ਸਾਲਾਂ ਦੇ ਸਨ। ਬਾਬਾ ਜੀ ਨੇ ਆਪਣੇ ਜੀਵਨ ਦੌਰਾਨ ਧਰਮ ਪ੍ਰਚਾਰ ਦੇ ਨਾਲ-ਨਾਲ ਸਿੱਖਿਆ ਦੇ ਖੇਤਰ ਨੂੰ ਵੀ ਵਿਸ਼ੇਸ਼ ਮਹੱਤਵ ਦਿੱਤਾ। ਉਨ੍ਹਾਂ ਦਾ ਮੰਨਣਾ ਸੀ ਕਿ ਸਿੱਖਿਆ ਹਰ ਬੱਚੇ ਦਾ ਬੁਨਿਆਦੀ ਅਧਿਕਾਰ ਹੈ ਅਤੇ ਚੰਗੀ ਵਿੱਦਿਆ ਰਾਹੀਂ ਗ.ਰੀਬੀ ਅਤੇ ਅਗਿਆਨਤਾ ਨੂੰ ਦੂਰ ਕੀਤਾ ਜਾ ਸਕਦਾ ਹੈ।

ਜ਼ਿਕਰਯੋਗ ਹੈ ਕਿ ਸੰਤ ਬਾਬਾ ਅਮਰ ਸਿੰਘ ਜੀ ਵੱਲੋਂ ਇੰਗਲੈਂਡ ਦੇ ਹੇਜ਼ ਵਿੱਚ ਗੁਰੂ ਨਾਨਕ ਸਿੱਖ ਕਾਲਜ ਦੀ ਸਥਾਪਨਾ ਕੀਤੀ ਗਈ ਸੀ, ਜਿਸ ਦਾ ਰਸਮੀ ਉਦਘਾਟਨ ਜਨਵਰੀ 1993 ਵਿੱਚ ਹੋਇਆ। ਸਿਰਫ਼ ਸੱਤ ਵਿਦਿਆਰਥੀਆਂ ਨਾਲ ਸ਼ੁਰੂ ਹੋਇਆ ਇਹ ਵਿੱਦਿਅਕ ਅਦਾਰਾ ਸਮੇਂ ਦੇ ਨਾਲ ਇਕ ਵੱਡੀ ਸਿੱਖਿਆ ਸੰਸਥਾ ਵਜੋਂ ਵਿਕਸਤ ਹੋਇਆ। ਬਾਅਦ ਵਿੱਚ ਗੁਰੂ ਨਾਨਕ ਸਿੱਖ ਅਕੈਡਮੀ ਅਤੇ ਨਾਨਕਸਰ ਪ੍ਰਾਇਮਰੀ ਸਕੂਲ ਵਰਗੇ ਅਦਾਰਿਆਂ ਨੇ ਬਰਤਾਨੀਆ ਵਿੱਚ ਬੱਚਿਆਂ ਨੂੰ ਉੱਚ ਪੱਧਰੀ ਸਿੱਖਿਆ ਦੇਣ ਵਿੱਚ ਅਹਿਮ ਭੂਮਿਕਾ ਨਿਭਾਈ। ਗੁਰੂ ਨਾਨਕ ਸਿੱਖ ਮਲਟੀ ਅਕੈਡਮੀ ਟਰੱਸਟ ਦੀ ਜਾਣਕਾਰੀ ਅਨੁਸਾਰ ਬਾਬਾ ਜੀ ਦੇ ਵਿੱਦਿਅਕ ਉਪਰਾਲਿਆਂ ਨਾਲ ਵਿਸ਼ਵ ਭਰ ਵਿੱਚ 19 ਸਕੂਲ ਸਥਾਪਿਤ ਹੋਏ। ਉਨ੍ਹਾਂ ਦਾ ਉਦੇਸ਼ ਬੱਚਿਆਂ ਨੂੰ ਸਿਰਫ਼ ਪੜ੍ਹਾਈ ਵਿੱਚ ਅੱਗੇ ਲਿਜਾਣਾ ਹੀ ਨਹੀਂ, ਸਗੋਂ ਉਨ੍ਹਾਂ ਅੰਦਰ ਸੇਵਾ, ਨਿਮਰਤਾ, ਬਰਾਬਰੀ, ਮਨੁੱਖਤਾ ਪ੍ਰਤੀ ਸਤਿਕਾਰ ਅਤੇ ਸਮਾਜ ਦੀ ਭਲਾਈ ਲਈ ਕੰਮ ਕਰਨ ਦੀ ਭਾਵਨਾ ਪੈਦਾ ਕਰਨਾ ਵੀ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

ਬਾਬਾ ਜੀ ਨਾਲ ਜੁੜੇ ਵਿੱਦਿਅਕ ਅਦਾਰਿਆਂ ਵਿੱਚ ਸਿੱਖ ਧਰਮ ਦੀਆਂ ਸਿੱਖਿਆਵਾਂ ਦੇ ਨਾਲ ਦੂਜੇ ਧਰਮਾਂ ਅਤੇ ਸੱਭਿਆਚਾਰਾਂ ਦੇ ਸਤਿਕਾਰ ਨੂੰ ਵੀ ਮਹੱਤਵ ਦਿੱਤਾ ਜਾਂਦਾ ਹੈ। ਉਨ੍ਹਾਂ ਦੀ ਸੋਚ ਸੀ ਕਿ ਹਰ ਬੱਚੇ ਨੂੰ, ਉਸ ਦੇ ਧਰਮ ਜਾਂ ਪਿਛੋਕੜ ਦੀ ਪਰਵਾਹ ਕੀਤੇ ਬਿਨਾਂ, ਚੰਗੀ ਸਿੱਖਿਆ ਪ੍ਰਾਪਤ ਕਰਨ ਅਤੇ ਜੀਵਨ ਵਿੱਚ ਅੱਗੇ ਵਧਣ ਦੇ ਮੌਕੇ ਮਿਲਣੇ ਚਾਹੀਦੇ ਹਨ।

ਸੰਤ ਬਾਬਾ ਅਮਰ ਸਿੰਘ ਜੀ ਦਾ ਜੀਵਨ ਧਾਰਮਿਕ ਸੇਵਾ ਅਤੇ ਵਿੱਦਿਆ ਦੇ ਪ੍ਰਸਾਰ ਨਾਲ ਜੁੜਿਆ ਰਿਹਾ। ਬਰਤਾਨੀਆ ਵਿੱਚ ਸਿੱਖ ਭਾਈਚਾਰੇ ਲਈ ਵਿੱਦਿਅਕ ਸੰਸਥਾਵਾਂ ਦੀ ਸਥਾਪਨਾ ਉਨ੍ਹਾਂ ਦੀਆਂ ਮਹੱਤਵਪੂਰਨ ਪ੍ਰਾਪਤੀਆਂ ਵਿੱਚੋਂ ਇਕ ਹੈ। ਉਨ੍ਹਾਂ ਵੱਲੋਂ ਸ਼ੁਰੂ ਕੀਤੇ ਗਏ ਅਦਾਰੇ ਅੱਜ ਵੀ ਨਵੀਂ ਪੀੜ੍ਹੀ ਨੂੰ ਸਿੱਖਿਆ ਅਤੇ ਮਨੁੱਖੀ ਕਦਰਾਂ-ਕੀਮਤਾਂ ਨਾਲ ਜੋੜਨ ਦਾ ਕਾਰਜ ਕਰ ਰਹੇ ਹਨ।

ਸੰਤ ਬਾਬਾ ਅਮਰ ਸਿੰਘ ਜੀ ਮਹਾਰਾਜ ਦੇ ਅਕਾਲ ਚਲਾਣੇ ਨਾਲ ਧਾਰਮਿਕ ਸੇਵਾ ਦੇ ਨਾਲ-ਨਾਲ ਸਿੱਖਿਆ ਦੇ ਖੇਤਰ ਨੂੰ ਵੀ ਇਕ ਵੱਡਾ ਘਾਟਾ ਪਿਆ ਹੈ। ਉਨ੍ਹਾਂ ਵੱਲੋਂ ਸਥਾਪਿਤ ਕੀਤੀਆਂ ਵਿੱਦਿਅਕ ਸੰਸਥਾਵਾਂ ਅਤੇ ਸੇਵਾ ਕਾਰਜ ਉਨ੍ਹਾਂ ਦੀ ਯਾਦ ਨੂੰ ਆਉਣ ਵਾਲੀਆਂ ਪੀੜ੍ਹੀਆਂ ਤੱਕ ਜਿਊਂਦਾ ਰੱਖਣਗੇ।

ਧੂੰਏਂ ਦੀ ਲਪੇਟ 'ਚ ਸਾਹ ਲੈਂਦੀ ਜ਼ਿੰਦਗੀ

ਮਨ ਨੂੰ ਆਤਮਿਕ ਸਕੂਨ, ਸ਼ਾਂਤੀ ਅਤੇ ਨਵੀਂ ਊਰਜਾ ਦੀ ਪੂਰਤੀ ਲਈ ਬੀਤੇ ਦਿਨੀਂ ਪਰਿਵਾਰਕ ਮੈਂਬਰਾਂ ਨਾਲ ਤਲਵੰਡੀ ਸਾਬੋ (ਬਠਿੰਡਾ) ਵਿਖੇ ਸਥਿਤ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਦਰਸ਼ਨ ਕਰਨ ਦਾ ਸੁਭਾਗ ਪ੍ਰਾਪਤ ਹੋਇਆ। ਗੁਰੂ ਘਰ ਪ੍ਰਤੀ ਅਥਾਹ ਸ਼ਰਧਾ ਅਤੇ ਉਤਸ਼ਾਹ ਲੈ ਕੇ ਜਲੰਧਰ ਤੋਂ ਸ਼ੁਰੂ ਹੋਇਆ ਇਹ ਸਫ਼ਰ ਯਾਦਗਾਰੀ ਹੋਣਾ ਚਾਹੀਦਾ ਸੀ, ਪਰ ਰਸਤੇ ਵਿੱਚ ਪਰਾਲੀ ਨੂੰ ਲੱਗੀ ਅੱਗ ਕਾਰਨ ਫੈਲੇ ਧੂੰਏਂ ਨੇ ਸਾਡੇ ਸਫ਼ਰ ਦੇ ਅਨੁਭਵ ਨੂੰ ਕਾਫ਼ੀ ਮੁਸ਼ਕਲ ਭਰਿਆ ਬਣਾਇਆ। ਜਿਉਂ ਹੀ ਅਸੀਂ ਧਰਮਕੋਟ ਇਲਾਕਾ ਪਾਰ ਕੀਤਾ ਤਾਂ ਸੜਕ ਦੇ ਦੋਵੇਂ ਪਾਸੇ ਖੇਤਾਂ ਵਿੱਚੋਂ ਉੱਠਦੇ ਧੂੰਏਂ ਦੇ ਗੁਬਾਰ ਦਿਖਾਈ ਦੇਣ ਲੱਗੇ। ਕਈ ਥਾਵਾਂ 'ਤੇ ਤਾਂ ਧੂੰਏਂ ਦੀ ਸੰਘਣੀ ਪਰਤ ਨੇ ਸੜਕ ਨੂੰ ਇਸ ਤਰ੍ਹਾਂ ਆਪਣੀ ਲਪੇਟ ਵਿੱਚ ਲਿਆ ਹੋਇਆ ਸੀ ਕਿ ਕੁਝ ਦੂਰੀ ਤੱਕ ਦੇਖਣਾ ਵੀ ਮੁਸ਼ਕਲ ਹੋ ਰਿਹਾ ਸੀ। ਪਰਾਲੀ ਸਾੜਨ ਦਾ ਇਹ ਸਿਲਸਿਲਾ ਤਪਾ ਤੱਕ ਕੋਈ 200 ਤੋਂ ਵੀ ਵੱਧ ਜਗ੍ਹਾ ਤੇ ਜਾਰੀ ਰਿਹਾ। ਸ਼ਾਮ ਨੂੰ ਵਾਪਸੀ ਸਮੇਂ ਵੀ ਕਈ ਥਾਵਾਂ 'ਤੇ ਖੇਤਾਂ ਵਿੱਚ ਪਰਾਲੀ ਸੜਦੀ ਦਿਖਾਈ ਦਿੱਤੀ। ਧੂੰਏਂ ਕਾਰਨ ਸਾਹ ਲੈਣ ਵਿੱਚ ਦਿੱਕਤ ਆ ਰਹੀ ਸੀ ਅਤੇ ਦਿੱਖ ਘਟਣ ਕਾਰਨ ਕਾਰ ਚਲਾਉਣਾ ਵੀ ਖ਼ਤਰੇ ਤੋਂ ਖਾਲੀ ਨਹੀਂ ਸੀ। ਜਿਸ ਕਾਰਨ ਸਫ਼ਰ ਵਿੱਚ ਨਿਸ਼ਚਿਤ ਸਮੇਂ ਨਾਲੋਂ ਵਾਧੂ ਸਮਾਂ ਲੱਗਿਆ।

ਇਸ ਸਮੱਸਿਆ ਨੇ ਮਨ ਵਿੱਚ ਇੱਕ ਗੰਭੀਰ ਸਵਾਲ ਪੈਦਾ ਕੀਤਾ ਕਿ ਆਖ਼ਰ ਅਸੀਂ ਆਪਣੀ ਹੀ ਧਰਤੀ, ਹਵਾ ਅਤੇ ਵਾਤਾਵਰਨ ਨਾਲ ਇਹ ਕਿਹੋ ਜਿਹਾ ਵਰਤਾਰਾ ਕਰ ਰਹੇ ਹਾਂ ? ਅੱਜ ਇਹ ਪ੍ਰਦੂਸ਼ਣ ਸਿਰਫ ਇਕ ਪਿੰਡ ਜਾ ਇਕ ਸੜਕ ਤੇ ਨਹੀਂ ਬਲਕਿ ਸਮੁੱਚੇ ਉਤਰ ਭਾਰਤ ਵਿਚ ਵੇਖਣ ਨੂੰ ਮਿਲ ਰਿਹਾ ਹੈ। ਪਰਾਲੀ ਸਾੜਨ ਨੂੰ ਭਾਵੇਂ ਕੁਝ ਕਿਸਾਨ ਸਮੇਂ ਅਤੇ ਮਿਹਨਤ ਦੀ ਬੱਚਤ ਦਾ ਆਸਾਨ ਤਰੀਕਾ ਸਮਝਦੇ ਹੋਣ, ਪਰ ਇਸ ਦੇ ਨਤੀਜੇ ਬੇਹੱਦ ਨੁਕਸਾਨਦੇਹ ਹਨ। ਇਸ ਨਾਲ ਹਵਾ ਵਿੱਚ ਜ਼ਿਹਰੀਲੇ ਕਣ ਅਤੇ ਹਾਨੀਕਾਰਕ ਗੈਸਾਂ ਫੈਲਦੀਆਂ ਹਨ, ਜੋ ਸਾਹ ਦੀਆਂ ਬਿਮਾਰੀਆਂ, ਅੱਖਾਂ ਵਿੱਚ ਜਲਣ ਅਤੇ ਦਿਲ ਸਬੰਧੀ ਸਮੱਸਿਆਵਾਂ ਦਾ ਖ਼ਤਰਾ ਵਧਾ ਸਕਦੀਆਂ ਹਨ। ਇਸ ਤੋਂ ਇਲਾਵਾ ਮਿੱਟੀ ਦੇ ਉਪਜਾਊ ਤੱਤ ਅਤੇ ਧਰਤੀ ਵਿਚਲੇ ਸਾਡੇ ਮਿੱਤਰ ਜੀਵ ਵੀ ਬਹੁਤ ਪ੍ਰਭਾਵਿਤ ਹੁੰਦੇ ਹਨ।

ਇੱਥੇ ਇਹ ਗੱਲ ਵੀ ਵਿਚਾਰਨਯੋਗ ਹੈ ਕਿ ਦੀਵਾਲੀ ਵਰਗੇ ਰੌਸ਼ਨੀਆਂ ਦੇ ਤਿਉਹਾਰ ਮੌਕੇ ਚਲਾਏ ਜਾਣ ਵਾਲੇ ਪਟਾਕੇ ਵੀ ਹਵਾ ਪ੍ਰਦੂਸ਼ਣ ਵਿੱਚ ਵਾਧਾ ਕਰਦੇ ਹਨ। ਅੱਜ ਤਕਰੀਬਨ ਪੰਜਾਬ ਦੇ ਹਰੇਕ ਅਖ਼ਬਾਰ ਦੀ ਸੁਰਖ਼ੀ ਇਸ ਧੂਏਂ ਦਾ ਹੀ ਜਿਕਰ ਕਰ ਰਹੀ ਹੈ। ਤਿਉਹਾਰਾਂ ਦੀ ਖ਼ੁਸ਼ੀ ਮਨਾਉਣ ਦੇ ਉਤਸ਼ਾਹ ਵਿੱਚ ਅਸੀਂ ਅਕਸਰ ਇਹ ਭੁੱਲ ਜਾਂਦੇ ਹਾਂ ਕਿ ਪਟਾਕਿਆਂ ਵਿੱਚੋਂ ਨਿਕਲਣ ਵਾਲਾ ਧੂੰਆਂ ਅਤੇ ਬਰੀਕ ਪ੍ਰਦੂਸ਼ਕ ਕਣ ਵਾਤਾਵਰਨ ਨੂੰ ਕਿੰਨਾ ਨੁਕਸਾਨ ਪਹੁੰਚਾਉਂਦੇ ਹਨ। ਦੀਵਾਲੀ ਤੋਂ ਬਾਅਦ ਹਵਾ ਦੀ ਗੁਣਵੱਤਾ ਹੋਰ ਵਿਗੜ ਜਾਂਦੀ ਹੈ। ਜਦੋਂ ਇਸ ਵਿੱਚ ਪਰਾਲੀ ਸਾੜਨ ਨਾਲ ਪੈਦਾ ਹੋਣ ਵਾਲਾ ਧੂੰਆਂ ਵੀ ਸ਼ਾਮਲ ਹੋ ਜਾਂਦਾ ਹੈ ਤਾਂ ਸਥਿਤੀ ਹੋਰ ਵੀ ਗੰਭੀਰ ਹੋ ਜਾਂਦੀ ਹੈ। ਇਸ ਦਾ ਸਭ ਤੋਂ ਵੱਧ ਅਸਰ ਬੱਚਿਆਂ, ਬਜ਼ੁਰਗਾਂ ਅਤੇ ਸਾਹ ਦੀਆਂ ਸਮੱਸਿਆਵਾਂ ਤੋਂ ਪੀੜਤ ਲੋਕਾਂ 'ਤੇ ਪੈਂਦਾ ਹੈ।

ਇਸ ਸਮੱਸਿਆ ਦਾ ਹੱਲ ਸਿਰਫ਼ ਕਿਸਾਨਾਂ ਨੂੰ ਦੋਸ਼ੀ ਠਹਿਰਾਉਣ ਨਾਲ ਨਹੀਂ ਨਿਕਲ ਸਕਦਾ। ਕਿਸਾਨ ਸਾਡੇ ਅੰਨਦਾਤੇ ਹਨ ਅਤੇ ਉਨ੍ਹਾਂ ਨੂੰ ਪਰਾਲੀ ਦੇ ਸੁਚੱਜੇ ਪ੍ਰਬੰਧਨ ਲਈ ਲੋੜੀਂਦੀ ਮਸ਼ੀਨਰੀ, ਆਰਥਿਕ ਸਹਾਇਤਾ ਅਤੇ ਤਕਨੀਕੀ ਜਾਣਕਾਰੀ ਮੁਹੱਈਆ ਕਰਵਾਉਣਾ ਸਰਕਾਰ ਦੀ ਜ਼ਿੰਮੇਵਾਰੀ ਹੈ। ਜਿਸ ਤਹਿਤ ਆਧੁਨਿਕ ਖੇਤੀ ਸੰਦਾਂ ਦੀ ਵਰਤੋਂ ਨੂੰ ਉਤਸ਼ਾਹਿਤ ਕਰਨਾ ਚਾਹੀਦਾ ਹੈ। ਪਰਾਲੀ ਤੋਂ ਖਾਦ, ਪਸ਼ੂਆਂ ਦਾ ਚਾਰਾ ਅਤੇ ਹੋਰ ਲਾਭਦਾਇਕ ਉਤਪਾਦ ਤਿਆਰ ਕਰਨ ਦੀਆਂ ਸੰਭਾਵਨਾਵਾਂ ਨੂੰ ਵੀ ਵਿਕਸਿਤ ਕਰਨਾ ਵੀ ਅੱਜ ਦੇ ਸਮੇਂ ਦੀ ਲੋੜ ਹੈ। ਇਸੇ ਤਰ੍ਹਾਂ ਲੋਕਾਂ ਨੂੰ ਪਟਾਕਿਆਂ ਦੀ ਬਜਾਏ ਦੀਵਿਆਂ ਅਤੇ ਕੁਦਰਤੀ ਰੌਸ਼ਨੀ ਨਾਲ ਤਿਉਹਾਰ ਮਨਾਉਣ ਲਈ ਇਕ ਦੂਜੇ ਨੂੰ ਪ੍ਰੇਰਿਤ ਕਰਨਾ ਚਾਹੀਦਾ ਹੈ। ਸਾਨੂੰ ਇਹ ਸਮਝਣਾ ਹੋਵੇਗਾ ਕਿ ਵਾਤਾਵਰਨ ਦੀ ਸੰਭਾਲ ਕਿਸੇ ਇੱਕ ਵਿਅਕਤੀ ਜਾਂ ਵਰਗ ਦੀ ਨਹੀਂ, ਸਗੋਂ ਸਮੁੱਚੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ।